



ਹੱਕ ਸੱਚ ਦੀ ਆਵਾਜ਼

# ਫਤਿਹ ਟਾਈਮਜ਼

ਰੋਜ਼ਾਨਾ ਡਿਜੀਟਲ ਐਡੀਸ਼ਨ

ਮੁੱਖ ਸੰਪਾਦਕ ਸਰਬਜੋਤ ਸਿੰਘ ਸੰਧਾ | www.fatehtimesmedia.com | Email- fatehtimes1699@gmail.com



ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ ।।



ਮੁੱਖ ਸੰਪਾਦਕ
ਸਰਬਜੋਤ ਸਿੰਘ ਸੰਧਾ



ਰਜਿ ਨੰ : ਪੀ ਬੀ 22000167 | ਫਤਿਹਾਬਾਦ , ਐਤਵਾਰ 19 ਅਕਤੂਬਰ 2025, ਨਾਨਕਸ਼ਾਹੀ 3 ਕੱਤਕ , ਸੰਮਤ 557 | ਸਾਲ: 4, ਅੰਕ 228, ਪੰਨੇ: 6, ਮੁੱਲ: 4 ਰੁਪਏ


## ਤਰਨ ਤਾਰਨ ਤੋਂ ਮਨਦੀਪ ਸਿੰਘ ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ, ਪੰਥਕ ਸਿਆਸਤ ਦਾ ਨਵਾਂ ਅਧਿਆਇ ਸ਼ੁਰੂ

ਫਤਿਹ ਟਾਈਮਜ਼

ਤਰਨ ਤਾਰਨ, 18 ਅਕਤੂਬਰ (ਫ.ਟ.ਬ) ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਤਰਨਤਾਰਨ ਜ਼ਿਮਨੀ ਚੋਣ ਲਈ ਉਮੀਦਵਾਰ ਵੱਜੋਂ ਭਾਈ ਮਨਦੀਪ ਸਿੰਘ, ਜੋ ਕਿ ਭਾਈ ਸੰਦੀਪ ਸਿੰਘ ਦੇ ਵੱਡੇ ਭਰਾਤਾ ਹਨ, ਨੇ ਅੱਜ ਤਰਨਤਾਰਨ ਐਸ.ਡੀ.ਐਮ. ਦਫ਼ਤਰ ਵਿਖੇ ਆਪਣਾਂ ਨਾਮਜ਼ਦਗੀ ਪੱਤਰ ਦਾਖ਼ਲ ਕੀਤਾ। ਇਸ ਮੌਕੇ ਤੇ ਉਹਨਾਂ ਦੇ ਪਰਿਵਾਰਿਕ ਮੈਬਰਾਂ ਵਿੱਚੋਂ ਦੂਸਰੇ ਭਰਾ ਭਾਈ ਹਰਦੀਪ ਸਿੰਘ ਵੀ ਨਾਲ ਮੌਜੂਦ ਸਨ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸਮੂਹ ਲੀਡਰਸ਼ਿਪ ਜਿਸ ਵਿੱਚ ਮੁੱਖ ਤੌਰ ਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ



**ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਤੋਂ ਨਤਮਸਤਕ ਹੋ ਕੇ ਭਾਈ ਮਨਦੀਪ ਸਿੰਘ ਅਕਾਲੀ ਦਲ ਵਾਰਿਸ ਪੰਜਾਬ ਦੇ ਕਾਫ਼ਲੇ ਨਾਲ ਪਹੁੰਚੇ ਤਰਨ ਤਾਰਨ**

ਤਰਸੇਮ ਸਿੰਘ ਜੀ, ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖ਼ਾਲਸਾ, ਅਕਾਲੀ ਦਲ ਪੁਨਰ ਸੁਰਜੀਤ ਤੋਂ ਸ੍ਰ ਸੁਰਜੀਤ ਸਿੰਘ ਰੱਖੜਾ, ਸ੍ਰ ਜਗਦੀਸ਼ ਸਿੰਘ ਝੂੰਦਾ, ਸ੍ਰ ਸੁੱਚਾ ਸਿੰਘ ਛੋਟੇਪੁਰ ਤੇ ਹੋਰ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਸ੍ਰ ਬਾਬੂ ਸਿੰਘ ਬਰਾੜ, ਭਾਈ ਕਾਬਲ ਸਿੰਘ, ਚਾਚਾ ਪ੍ਰਗਟ ਸਿੰਘ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਸੁਖਬੀਰ ਸਿੰਘ ਵਲਟੋਹਾ, ਭਾਈ ਭੁਪਿੰਦਰ ਸਿੰਘ ਗੱਦਲੀ (ਭਰਾਤਾ ਸ਼ਹੀਦ ਭਾਈ ਹਰਜਿੰਦਰ ਸਿੰਘ ਅਤੇ ਸੁੱਖਾ), ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਅਮਨਦੀਪ ਸਿੰਘ ਡੱਡੂਆਣਾਂ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਮੋਹਕਮ ਸਿੰਘ ਜੀ, ਭਾਈ ਪਰਮਜੀਤ ਸਿੰਘ ਅਕਾਲੀ, ਭਾਈ ਸੰਦੀਪ ਸਿੰਘ ਰੁਪਾਲੋਂ, ਭਾਈ ਦਲਜੀਤ ਸਿੰਘ ਜਵੰਦਾ, ਭਾਨਾ ਸਿੱਧੂ, ਭਾਈ ਮਨਦੀਪ ਸਿੰਘ ਸਿੱਧੂ, ਭਾਈ (ਬਾਕੀ ਸਫਾ 5 ਤੇ)

## ਜਿਮਨੀ ਚੋਣ 'ਚ ਮਝੈਲ ਕਿਸ ਨੂੰ ਜਿਤਾਉਣਗੇ ?

**ਸਰਬਜੋਤ ਸਿੰਘ ਸੰਧਾ**

ਫਤਿਹ ਟਾਈਮਜ਼

ਮਾਝੇ ਦੇ ਪੰਥਕ ਵਿਧਾਨ ਸਭਾ ਹਲਕਾ ਤਰਨ ਤਾਰਨ ਦੀ ਜਿਮਨੀ ਚੋਣ ਕੀ 2027 ਦੀਆਂ ਚੋਣਾਂ ਦਾ ਸੈਮੀਫਾਈਨਲ ਹੋਵੇਗੀ ? ਇਹ ਇਸ ਵੇਲੇ ਸਵਾਲਾਂ ਦਾ ਸਵਾਲ ਹੈ।ਇਸ ਸਮੇਂ ਪੰਜਾਬ ਦੇ ਪਿੰਡਾਂ ਦੀ ਹਰ ਸੱਥ ਤੇ ਸੋਸ਼ਲ ਮੀਡੀਆ ਤੇ ਇਕੋ ਮੁੱਦਾ ਗਰਮਾਇਆ ਹੋਇਆ ਹੈ ਉਹ ਹੈ ਤਰਨ ਤਾਰਨ ਦੀ ਜਿਮਨੀ ਚੋਣ। ਜੇਕਰ ਇਸ ਹਲਕੇ ਦੀ ਗੱਲ ਕਰੀਏ ਤਾ 1989 ਵਿਚ ਹੋਈ ਲੋਕ ਸਭਾ ਚੋਣ ਵਿਚ ਸਿਮਰਨਜੀਤ ਸਿੰਘ ਮਾਨ ਜਿਨਾ ਨੇ ਜੇਲ੍ਹ ਚ ਬੈਠਿਆਂ ਨੇ ਚੋਣ ਲੜੀ ਸੀ ਉਨ੍ਹਾਂ ਜਿੱਤ ਦਰਜ ਕੀਤੀ ਸੀ।ਬੀਤੇ 2024 ਦੀ ਖਡੂਰ ਸਾਹਿਬ ਹਲਕੇ ਦੀ ਲੋਕ ਸਭਾ ਚੋਣ ਵਿਚ ਵੀ ਇਸ ਵਿਧਾਨ ਸਭਾ ਹਲਕੇ ਤੋ ਭਾਈ ਅੰਮ੍ਰਿਤਪਾਲ ਸਿੰਘ ਜੇਤੂ ਰਹੇ ਸਨ। ਜੇਕਰ ਇਸ ਸੀਟ ਦੇ ਇਤਿਹਾਸ ਤੇ ਨਜਰ ਮਾਰੀਏ ਤਾ ਤਰਨ ਤਾਰਨ ਦੇ ਮਝੈਲਾਂ ਨੇ ਪੰਜਾਬ ਨੂੰ ਵੱਖਰਾ ਹੀ ਸੁਨੇਹਾ ਦਿੱਤਾ ਹੈ।ਦੇਖਣਾ ਇਹ ਹੋਵੇਗਾ ਕਿ ਕੀ ਇਹ ਜਿਮਨੀ ਚੋਣ 2027 'ਚ ਬਣਨ ਵਾਲੀ ਸਰਕਾਰ ਦਾ ਸੈਮੀਫਾਈਨਲ ਮੁਕਾਬਲਾ ਬਣਦੀ ਹੈ ਅਤੇ ਤਰਨ ਤਾਰਨ ਦੇ ਮਝੈਲ ਇਸ ਵਾਰ ਕਿਸ ਨੂੰ ਜਿਤਾ ਕੇ ਵਿਧਾਨ ਸਭਾ ਦੀਆਂ ਪੌੜੀਆਂ ਚੜਾਉਦੇ ਹਨ।


LIC
ਭਾਰਤੀय जीवन बीमा निगम
LIFE INSURANCE CORPORATION OF INDIA

**ਬੀਮਾ ਸੇਵਾ ਕੇਂਦਰ**


ਬੱਚਿਆਂ ਲਈ ਐਜੂਕੇਸ਼ਨ ਬੀਮਾ ਪੌਲਸੀ,
ਲੜਕੀਆਂ ਲਈ ਕੰਨਿਆਦਾਨ ਪੌਲਸੀ,
ਬੁਢਾਪਾ ਪੈਨਸ਼ਨ ਸਕੀਮ,ਮਨੀ ਬੈਂਕ ਪੌਲਸੀ,
ਰੋਜ਼ਾਨਾ ਬਚਤ ਪੌਲਸੀ,ਕਰੋੜਪਤੀ ਸਕੀਮ।

ਡੈਂਥ ਕਲੇਮ,ਮਚਿਉਰਟੀ ਜਾ ਫਿਰ ਹੋਰ
ਐਲ ਆਈ ਸੀ ਸੇਵਾ ਲਈ ਸੰਪਰਕ ਕਰੋ:
ਐਸ ਐਸ ਸੰਧਾ ਮੋ:9988537575

ਅਖ਼ਬਾਰਾਂ ਵਿਚ ਨਾਮ ਬਦਲੀ,ਬੇਦਖਲੀ ਨੋਟਿਸ,ਟਿਊਬਵੈਲ ਕੁਨੈਕਸ਼ਨ ਅਤੇ ਹੋਰ ਇਸ਼ਤਿਹਾਰ ਦੇਣ ਵੀ ਲਈ ਸੰਪਰਕ ਕਰੋ।


## ਚੀਨੀ ਵਸਤੂਆਂ 'ਤੇ ਉਨ੍ਹਾਂ ਦਾ ਪ੍ਰਸਤਾਵਿਤ 100% ਟੈਰਿਫ ਲੰਬੇ ਸਮੇਂ ਲਈ ਟਿਕਾਊ ਨਹੀਂ ਰਹੇਗਾ : ਟਰੰਪ

ਫਤਿਹ ਟਾਈਮਜ਼



ਵਸ਼ਿੰਗਟਨ, 18 ਅਕਤੂਬਰ (ਫ.ਟ.ਬ) ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਚੀਨੀ ਵਸਤੂਆਂ 'ਤੇ ਉਨ੍ਹਾਂ ਦਾ ਪ੍ਰਸਤਾਵਿਤ 100% ਟੈਰਿਫ ਲੰਬੇ ਸਮੇਂ ਲਈ ਟਿਕਾਊ ਨਹੀਂ ਰਹੇਗਾ, ਪਰ ਉਨ੍ਹਾਂ ਨੇ ਮੌਜੂਦਾ ਵਪਾਰਕ ਰੁਕਾਵਟ ਲਈ ਚੀਨ ਨੂੰ ਜ਼ਿੰਮੇਵਾਰ ਠਹਿਰਾਇਆ। ਇਹ ਰੁਕਾਵਟ ਚੀਨ ਦੁਆਰਾ ਆਪਣੇ ਦੁਰਲੱਭ ਧਰਤੀ ਤੱਤਾਂ ਦੇ ਨਿਰਯਾਤ 'ਤੇ ਨਿਯੰਤਰਣ ਵਧਾਉਣ ਤੋਂ ਬਾਅਦ ਪੈਦਾ ਹੋਈ। ਟਰੰਪ ਨੇ ਇੱਕ ਮੀਡੀਆ ਚੈਨਲ ਨਾਲ ਇੱਕ ਇੰਟਰਵਿਊ ਵਿੱਚ ਕਿਹਾ, "ਇਹ ਸਥਾਈ ਨਹੀਂ ਹੈ, ਪਰ ਇਹ ਗਿਣਤੀ ਹੈ। ਉਨ੍ਹਾਂ ਨੇ ਮੈਨੂੰ ਅਜਿਹਾ ਕਰਨ ਲਈ ਮਜਬੂਰ ਕੀਤਾ।"
ਪਿਛਲੇ ਹਫ਼ਤੇ, ਉਸਨੇ ਚੀਨ ਤੋਂ ਅਮਰੀਕਾ ਨੂੰ ਕੁਝ ਉਤਪਾਦਾਂ 'ਤੇ ਵਾਧੂ 100% ਟੈਰਿਫਾਂ ਅਤੇ "ਸਾਰੇ ਮਹੱਤਵਪੂਰਨ ਸਾਫਟਵੇਅਰ" 'ਤੇ ਨਵੇਂ ਨਿਰਯਾਤ ਨਿਯੰਤਰਣਾਂ ਦਾ ਐਲਾਨ ਕੀਤਾ। ਇਹ ਕਦਮ ਚੀਨ ਦੁਆਰਾ ਦੁਰਲੱਭ ਧਰਤੀ ਤੱਤਾਂ ਦੇ ਨਿਰਯਾਤ 'ਤੇ ਸਖਤ ਨਿਯੰਤਰਣਾਂ ਦੇ ਜਵਾਬ ਵਿੱਚ ਲਿਆ ਗਿਆ ਸੀ, ਜਿਨ੍ਹਾਂ ਨੂੰ ਤਕਨਾਲੋਜੀ ਨਿਰਮਾਣ ਵਿੱਚ ਮਹੱਤਵਪੂਰਨ ਮੰਨਿਆ ਜਾਂਦਾ ਹੈ, ਅਤੇ ਚੀਨ ਇਸ ਬਾਜ਼ਾਰ ਵਿੱਚ ਇੱਕ ਪ੍ਰਮੁੱਖ ਖਿਡਾਰੀ ਹੈ।ਟਰੰਪ ਨੇ ਇਹ ਵੀ ਪੁਸ਼ਟੀ ਕੀਤੀ ਕਿ ਉਹ ਅਗਲੇ ਹਫ਼ਤੇ ਦੱਖਣੀ ਕੋਰੀਆ ਵਿੱਚ ਚੀਨੀ ਰਾਸ਼ਟਰਪਤੀ (ਬਾਕੀ ਸਫਾ 5 ਤੇ)

## ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੇ 350ਵੇਂ ਸ਼ਹੀਦੀ ਗੁਰਪੁਰਬ ਦੇ ਸੰਬਧ ਚ ਹੋ ਰਹੇ ਪ੍ਰੋਗਰਾਮਾਂ ਦੀ ਆਰੰਭਤਾ ਦੀ ਕੀਤੀ ਅਰਦਾਸ

ਫਤਿਹ ਟਾਈਮਜ਼



ਅੰਮ੍ਰਿਤਸਰ, 18 ਅਕਤੂਬਰ (ਹਰਪਾਲ ਸਿੰਘ)ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ, ਨਾਂਦੇੜ ਵਿੱਖੇ 17 ਅਕਤੂਬਰ ਨੂੰ ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਾਰ ਸਾਹਿਬ ਜੀ ਮਹਾਰਾਜ ਦੇ 350 ਵੇਂ ਸ਼ਹੀਦੀ ਗੁਰਪੁਰਬ ਅਤੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ 350 ਵੇਂ ਗੁਰਿਆਈ ਗੁਰਪੁਰਬ ਨਿਮੀਤ ਕੀਤੇ ਜਾ ਰਹੇ ਪ੍ਰੋਗਰਾਮਾਂ ਦੀ ਆਰੰਭਤਾ ਦੀ ਅਰਦਾਸ ਤਖ਼ਤ ਸਾਹਿਬ ਦੇ ਮਾਨਯੋਗ ਜੱਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਜੀ ਵੱਲੋਂ ਗੁਰਦੁਆਰਾ ਸੱਚਖੰਡ ਬੋਰਡ ਦੇ ਮੁੱਖ ਪ੍ਰਬੰਧਕ ਅਤੇ ਖੇਤਰੀਯ ਸਮਿਤੀ ਦੇ ਚੈਅਰਮੇਨ ਡਾ. ਵਿਜੇ ਸਤਬੀਰ ਸਿੰਘ ਜੀ ਤੇ ਸੰਗਤਾਂ ਦੀ ਹਾਜਰੀ ਵਿੱਚ ਕੀਤੀ ਗਈ।ਇਸ ਮੌਕੇ ਪ੍ਰਬੰਧਕ ਸਾਹਿਬ ਜੀ ਦੇ ਸਲਾਹਕਾਰ ਸ੍ਰ. ਜਸਵੰਤ ਸਿੰਘ ਜੀ (ਬੌਬੀ), ਖੇਤਰੀ ਸਮਿਤੀ ਦੇ ਕਾਰਜਕਾਰੀ ਚੇਅਰਮੈਨ ਸ੍ਰ. ਸਰਜੀਤ ਸਿੰਘ ਗਿੱਲ, ਸ੍ਰ. ਰਣਜੀਤ ਸਿੰਘ ਗਿੱਲ, ਸ੍ਰ. ਗੁਰਦੀਪ ਸਿੰਘ ਸੰਧੂ, ਸ੍ਰ. ਅਮਰਜੀਤ ਸਿੰਘ ਕੁੰਜੀਵਾਲੇ, ਸ੍ਰ. ਅਵਤਾਰ ਸਿੰਘ ਪੇਹਰੇਦਾਰ ਅਤੇ ਸਮਿਤੀ ਦੇ ਸਥਾਨਿਕ ਮੈਂਬਰ ਸਾਹਿਬਾਨ ਮੌਜੂਦ ਸਨ।


ਮੋ: 87259-13761

**ਸੰਧੂ ਡੇਅਰੀ**



ਪ੍ਰੋਪ : ਰਜਿੰਦਰ ਸਿੰਘ ਸੰਧੂ

ਗੋਲ ਮਸੀਤ ਚੌਂਕ ਫਤਿਹਾਬਾਦ

ਨੋਟ: ਇਥੋ ਸ਼ੁੱਧ ਅਤੇ ਤਾਜਾ ਦੁੱਧ, ਦਹੀ,ਪਨੀਰ,ਮੱਖਣ,ਘਿਓ ਆਦਿ ਤਿਆਰ ਮਿਲਦਾ ਹੈ। ਵਿਆਹ ਸ਼ਾਦੀਆਂ ਅਤੇ ਹੋਰ ਪ੍ਰੋਗਰਾਮਾਂ ਲਈ ਆਰਡਰ ਬੁੱਕ ਕੀਤੇ ਜਾਂਦੇ ਹਨ।


## ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਵੱਲੋ ਦੋ ਲੱਖ ਰੁਪਏ ਦੀ ਰਾਸ਼ੀ ਬੰਨ ਬੰਣਨ ਲਈ ਦਿੱਤੀ

ਫਤਿਹ ਟਾਈਮਜ਼

ਫਤਿਹਾਬਾਦ, 18 ਅਕਤੂਬਰ (ਐਸ ਐਸ ਸੰਧਾ/ਸ਼ੀਤਲ ਬਾਵਾ) ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਵੱਲੋਂ ਪਿੰਡ ਭੈਲ ਅਤੇ ਪਿੰਡ ਮੁੰਡਾਪਿੰਡ ਵਿਖੇ ਮੰਡ ਖੇਤਰ ਦਾ ਦੌਰਾ ਕੀਤਾ ਗਿਆ ਇਸ ਮੌਕੇ ਸ੍ਰ ਸਿੱਕੀ ਵੱਲੋ ਬੰਨ ਬਣਨ ਵਾਲੀਆਂ ਸੰਗਤਾਂ ਨੂੰ ਦੋ ਲੱਖ ਰੁਪਏ ਦਾ ਸਹਿਯੋਗ ਦਿੱਤਾ ਅਤੇ ਸੇਵਾ ਕਰ ਰਹੀਆਂ ਸੰਗਤਾਂ ਨੂੰ ਹਰ ਸੰਭਵ ਮਦਦ ਲਈ ਵੀ ਭਰੋਸਾ ਦਿੱਤਾ ਗਿਆ।ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸ੍ਰ ਸਿੱਕੀ ਨੇ ਕਿਹਾ ਕਿ ਮੌਜੂਦਾ ਸਰਕਾਰ ਬਿੱਲਕੁਲ ਫੇਲ ਹੋ



ਚੁੱਕੀ ਹੈ ਉਨਾ ਕਿਹਾ ਕਿ ਸਰਕਾਰ ਤੇ ਪੁਖਤਾਪ੍ਰਬੰਧ ਨਾ ਹੋਣ ਕਰਕੇ ਕਿਸਾਨਾਂ ਦੀਆਂ ਹਜ਼ਾਰਾਂ ਏਕੜ ਜ਼ਮੀਨਾਂ ਤੇ ਫਸਲਾਂ ਬਰਬਾਦ ਹੋ ਗਈਆਂ ਪਰ ਸਰਕਾਰ ਬਿੱਲਕੁਲ ਗੂੜੀ ਨੀਂਦ ਸੁੱਤੀ ਨਜ਼ਰ ਆਈ ਹੁਣ ਤੱਕ ਕਿਸਾਨਾਂ ਦੀ ਕੋਈ ਸਾਰ ਨਹੀਂ ਲਈ ਕੋਈ ਮੁਆਵਜ਼ੇ ਦਾ ਪ੍ਰਬੰਧ ਨਹੀਂ ਕੀਤਾ ਗਿਆ ਮੁੱਖ।



ਮੰਤਰੀ ਵੱਲੋਂ ਤੇ ਨਾ ਹੀ ਨੁਕਸਾਨੇ ਗਏ ਪਿੰਡਾਂ ਦੇ ਘਰਾਂ ਦਾ ਨਾ ਕੋਈ ਸਰਵਾ ਕੀਤਾ ਗਿਆ ਤੇ ਨਾ ਹੀ ਡਿੱਗੇ ਮਕਾਨਾਂ ਦੇ ਪੈਸੇ ਦਿੱਤੇ ਗਏ ਸਰਕਾਰ ਦੀ ਢਿੱਲੀ ਕਾਰਗੁਜ਼ਾਰੀ ਨੇ ਪੰਜਾਬ ਨੂੰ ਡਾਵਾ ਡੋਲ ਕਰ ਕੇ ਰੱਖ ਦਿੱਤਾ।ਉਨਾ ਕਿਹਾ ਪੰਜਾਬ ਨੂੰ ਵਿਕਾਸ ਦੇ ਰਾਹਾਂ ਤੇ ਲਿਆਉਣ ਲਈ 2027 'ਚ ਕਾਂਗਰਸ ਦੀ ਸਰਕਾਰ ਜ਼ਰੂਰੀ ਹੈ ਤਾ ਜੋ ਫਿਰ ਤੋ ਪੰਜਾਬ ਨੂੰ ਵਿਕਾਸ ਦੇ ਰਾਹਾਂ ਤੇ ਲਿਆਂਦਾ ਜਾ ਸਕੇ।ਇਸ ਮੌਕੇ ਬੰਨ ਤੇ ਸੇਵਾ ਕਰਦੇ ਸੰਤ ਮਹਾਂਪੁਰਸ਼ ਬਾਬਾ ਘੋਲਾ ਸਿੰਘ ਨਾਲ ਵੀ ਸਾਬਕਾ ਵਿਧਾਇਕ ਸਿੱਕੀ ਨੇ ਮੁਲਾਕਾਤ ਕੀਤੀ ਅਤੇ ਬਾਬਾ ਜੀ ਤੋ ਅਸ਼ੀਰਵਾਦ ਲਿਆ।ਇਸ ਮੌਕੇ ਹੋਰਨਾਂ ਤੋ ਇਲਾਵਾ ਸਰਪੰਚ ਬਲਦੇਵ ਸਿੰਘ,ਚੇਅਰਮੈਨ ਅਜੈਬ ਸਿੰਘ ,ਸਰਪੰਚ ਮਨਜਿੰਦਰ ਸਿੰਘ ਗੁੱਜਰਪੁਰ,ਯੋਗਾਂ ਸਿੰਘ ਪੱਟਰੋਲ ਪੰਪ ਵਾਲੇ ,ਬਲਵੰਤ ਸਿੰਘ ,ਜੱਸਾ ਡੱਲ,ਹਰਦਿਆਲ ਸਿੰਘ ਚੰਨੀ,ਸੂਬੇਦਾਰ ਦਿਲਬਾਗ ਸਿੰਘ,ਲਖਬੀਰ (ਬਾਕੀ ਸਫਾ 5 ਤੇ)

# ਇੰਟਰਨੈਸ਼ਨਲ ਗੋਲਡ ਮੈਡਲਿਸਟ ਗਿਆਨੀ ਜਤਿੰਦਰ ਸਿੰਘ ਨੂਰਪੁਰੀ ਦੇ ਜੱਥੇ ਨੇ ਢਾਡੀ ਮੁਕਾਬਲਿਆਂ 'ਚੋਂ ਦੂਜਾ ਸਥਾਨ ਅਤੇ 71 ਹਜ਼ਾਰ ਦਾ ਇਨਾਮ ਜਿੱਤਿਆ



ਫਤਿਹ ਟਾਈਮਜ਼ ਤਰਨ ਤਾਰਨ, 18 ਅਕਤੂਬਰ (ਐਸ ਐਸ ਸੰਧਾ) ਸੰਤ ਬਾਬਾ ਅਵਤਾਰ ਸਿੰਘ ਜੀ ਘਰਿਆਲੇ ਵਾਲਿਆਂ ਵੱਲੋਂ ਖੇਮਕਰਨ ਵਿਖੇ ਕਰਵਾਏ ਗਏ ਢਾਡੀ ਮੁਕਾਬਲਿਆਂ ਵਿੱਚ 9 ਜੱਥਿਆਂ ਨੇ ਹਾਜ਼ਰੀ ਭਰੀ ਜਿਨਾਂ ਵਿੱਚੋਂ ਇੰਟਰਨੈਸ਼ਨਲ ਗੋਲਡ ਮੈਡਲਿਸਟ ਪੰਥ ਪ੍ਰਸਿੱਧ ਢਾਡੀ ਜਥਾ ਗਿਆਨੀ ਜਤਿੰਦਰ ਸਿੰਘ ਨੂਰਪੁਰੀ ਤੇ ਸਾਥੀ ਢਾਡੀ ਹਰਪ੍ਰੀਤ ਸਿੰਘ ਸਿੱਧੂ ਢਾਡੀ ਗੁਰਪ੍ਰੀਤ ਸਿੰਘ ਹੁੰਦਲ ਸਰੰਗੀ ਮਾਸਟਰ ਜਗਸੀਰ ਸਿੰਘ ਜਲਾਲਾਬਾਦੀ ਨੇ ਦੂਜਾ ਸਥਾਨ ਹਾਸਲ ਕਰਕੇ ਦੂਜਾ 71 ਹਜ਼ਾਰ ਦਾ ਇਨਾਮ ਜਿੱਤਿਆ।

# ਸਰਕਾਰੀ ਮਿਡਲ ਸਕੂਲ ਚਣੋਂ ਦੇ ਵਿਦਿਆਰਥੀਆਂ ਨੇ ਅਧਿਆਪਕਾਂ ਅਤੇ ਪਿੰਡ ਦੇ ਪੰਚਾਇਤ ਮੈਂਬਰਾਂ ਨਾਲ ਮਿਲ ਕੇ ਦੀਵਾਲੀ ਦਾ ਤਿਓਹਾਰ ਮਨਾਇਆ



ਫਤਿਹ ਟਾਈਮਜ਼ ਪਟਿਆਲਾ, 18 ਅਕਤੂਬਰ (ਪ ਪ) ਸਰਕਾਰੀ ਮਿਡਲ ਸਕੂਲ ਚਣੋਂ ਦੇ ਵਿਦਿਆਰਥੀਆਂ ਨੇ ਅਧਿਆਪਕਾਂ ਅਤੇ ਪਿੰਡ ਦੇ ਪੰਚਾਇਤ ਮੈਂਬਰਾਂ ਨਾਲ ਮਿਲ ਕੇ ਦੀਵਾਲੀ ਦਾ ਤਿਓਹਾਰ ਮਨਾਇਆ। ਸਰਪੰਚ ਚਣੋਂ ਸ. ਜਰਨੈਲ ਸਿੰਘ ਜੀ ਨੇ ਬੱਚਿਆਂ ਦੁਆਰਾ ਕੀਤੇ ਪ੍ਰਬੰਧਾਂ ਅਤੇ ਕੋਸ਼ਿਸ਼ਾਂ ਦੀ ਪ੍ਰਸ਼ੰਸਾ ਕੀਤੀ। ਬੱਚਿਆਂ ਨੇ ਸਾਰੇ ਸਕੂਲ ਨੂੰ ਆਪ ਸਜਾਇਆ ਅਤੇ ਸ਼ਿੰਗਾਰਿਆ। ਸਾਰਿਆਂ ਨੇ ਮਿਲ ਕੇ ਦੀਵਾਲੀ ਪੂਜਨ ਵੀ ਕੀਤਾ। ਅਧਿਆਪਕਾ ਮੀਨਾਕਸ਼ੀ ਗਰਗ ਅਤੇ ਜਸਪ੍ਰੀਤ ਕੌਰ ਨੇ ਪ੍ਰਦੂਸ਼ਣ ਰਹਿਤ ਗਰੀਨ ਦਿਵਾਲੀ ਮਨਾਉਣ ਲਈ ਬੱਚਿਆਂ ਨੂੰ ਪ੍ਰੇਰਿਤ ਕੀਤਾ। ਸਕੂਲ ਇੰਚਾਰਜ ਅਨਵਰ ਹੁਸੈਨ ਨੇ ਅਜਿਹੀਆਂ ਗਤੀਵਿਧੀਆਂ ਨੂੰ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਜ਼ਰੂਰੀ ਦੱਸਿਆ। ਇਸ ਮੌਕੇ ਪੰਚ ਦਵਿੰਦਰ ਸਿੰਘ, ਪਿੰਡ ਦੇ ਹੋਰ ਪਤਵੰਤੇ ਸੱਜਣ, ਕੰਪਿਊਟਰ ਅਧਿਆਪਕ ਨਿਲੇਸ਼ ਦੱਤ ਅਤੇ ਪ੍ਰਾਇਮਰੀ ਸਕੂਲ ਚਣੋਂ ਦੇ ਅਧਿਆਪਕ ਸਾਹਿਬਾਨ ਵੀ ਮੌਜੂਦ ਸਨ। ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਲਕਸ਼ਮੀ ਮਾਤਾ ਅਤੇ ਗਣੇਸ਼ ਜੀ ਦੀ ਆਰਤੀ ਕੀਤੀ ਗਈ ਅਤੇ ਕਾਮਨਾ ਕੀਤੀ ਕਿ ਰੌਸ਼ਨੀਆਂ ਦਾ ਤਿਓਹਾਰ ਵਿਦਿਆਰਥੀਆਂ ਦੇ ਜੀਵਨ ਵਿੱਚ ਖ਼ੁਸ਼ੀਆਂ ਲੈ ਕੇ ਆਏ।


(M) 97819-55016



ਬਲਬੀਰ ਸਿੰਘ

ਟਾਈਫਾਇਡ, ਸਰਵਾਈਕਲ, ਲੀਵਰ ਫੈਟੀ, ਲੱਤਾਂ ਬਾਹਵਾਂ ਦੀਆਂ ਦਰਦਾਂ ਆਦਿ ਹਰ ਬਿਮਾਰੀ ਦਾ ਇਲਾਜ ਗਰੰਟੀ ਨਾਲ ਕੀਤਾ ਜਾਂਦਾ ਹੈ ।

ਗੋਇੰਦਵਾਲ ਰੋਡ, ਨੇੜੇ ਬੱਚੜੇ ਵਾਲੀ ਖੂਹੀ, ਤਰਨ ਤਾਰਨ


# ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਉਦੈਪੁਰ ਤੋਂ ਅਗਲੇ ਪੜਾਅ ਜੋਧਪੁਰ ਰਾਜਿਸਥਾਨ ਲਈ ਰਵਾਨਾ



## ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ

ਫਤਿਹ ਟਾਈਮਜ਼ ਅੰਮ੍ਰਿਤਸਰ, 18 ਅਕਤੂਬਰ (ਫ.ਟ.ਬ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿਚ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਵੱਖ-ਵੱਖ ਸੂਬਿਆਂ ਤੋਂ ਹੁੰਦਾ ਹੋਇਆ ਅੱਜ ਗੁਰਦੁਆਰਾ ਸੱਚਖੰਡ ਦਰਬਾਰ ਸਾਹਿਬ ਉਦੈਪੁਰ ਰਾਜਿਸਥਾਨ ਤੋਂ ਆਪਣੇ ਅਗਲੇ ਪੜਾਅ ਜੋਧਪੁਰ ਰਾਜਿਸਥਾਨ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਭਰੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਸਿੰਘ ਸਾਹਿਬ ਨੇ ਨੌਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਦੇ ਇਤਿਹਾਸ ਨੂੰ ਸੰਗਤਾਂ ਨਾਲ ਸਾਂਝਾ ਕੀਤਾ ਅਤੇ ਗੁਰਬਾਣੀ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ। ਨਗਰ ਕੀਰਤਨ ਦੀ ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਇਸੇ ਦੌਰਾਨ ਮੀਤ ਸਕੱਤਰ ਸ. ਸੁਖਬੀਰ ਸਿੰਘ ਨੇ ਕਿਹਾ ਕਿ ਨਗਰ ਕੀਰਤਨ 'ਚ ਪੁੱਜੀਆਂ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਸ਼ਰਧਾ ਨਾਲ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ। ਸੰਗਤਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਜਸਮੇਰ ਸਿੰਘ ਲਾਛੜੂ, ਸ. ਜਗਸੀਰ ਸਿੰਘ ਮਾਂਗੇਆਣਾ, ਮੀਤ ਸਕੱਤਰ ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਜਸਬੀਰ ਸਿੰਘ, ਸਿੱਖ ਮਿਸ਼ਨ ਮੱਧ ਪ੍ਰਦੇਸ਼ ਦੇ ਇੰਚਾਰਜ ਸ. ਬਲਦੇਵ ਸਿੰਘ ਓਗਰਾ, ਰਾਜਿਸਥਾਨ ਸਿੱਖ ਮਿਸ਼ਨ ਦੇ ਇੰਚਾਰਜ ਭਾਈ ਜਰਨੈਲ ਸਿੰਘ, ਸ. ਦਰਸ਼ਨ ਸਿੰਘ, ਸ. ਭੁਪਿੰਦਰ ਸਿੰਘ, ਸੁਪਰਵਾਈਜ਼ਰ ਸ. ਮੋਹਨਦੀਪ ਸਿੰਘ, ਸ. ਮਿਲਖਾ ਸਿੰਘ, ਸ. ਹਰਪ੍ਰੀਤ ਸਿੰਘ ਜੰਡਿਆਲਾ, ਮੀਤ ਮੈਨੇਜਰ ਸ. ਅਮਰਜੀਤ ਸਿੰਘ, ਸ. ਸੁਰਜੀਤ ਸਿੰਘ ਕੰਗ, ਸ. ਜਗਦੀਪ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

# ਗੁਰੂ ਨਾਨਕ ਸਕੂਲ ਗੋਇੰਦਵਾਲ ਸਾਹਿਬ ਦੇ ਵਿਦਿਆਰਥੀਆਂ ਨੇ ਗਰੀਨ ਦਿਵਾਲੀ ਮਨਾਉਣ ਲਈ ਰੈਲੀ ਕੱਢੀ



## ਪਟਾਕੇ ਨਾ ਚਲਾਉਣ ਦਾ ਲਿਆ ਪ੍ਰਣ

ਫਤਿਹ ਟਾਈਮਜ਼ ਸ਼੍ਰੀ ਗੋਇੰਦਵਾਲ ਸਾਹਿਬ, 18 ਅਕਤੂਬਰ (ਐਸ ਐਸ ਸੰਧਾ) ਇਲਾਕੇ ਦੀ ਸਿਰਮੌਰ ਵਿਦਿਅਕ ਸੰਸਥਾ ਗੁਰੂ ਨਾਨਕ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਗੋਇੰਦਵਾਲ ਸਾਹਿਬ ਦੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਗਰੀਨ ਦੀਵਾਲੀ ਮਨਾਉਣ ਲਈ ਸੈਮੀਨਾਰ ਕਰਨ ਉਪਰੰਤ ਚੇਤਨਾ ਰੈਲੀ ਕੱਢੀ ਗਈ ਜਿਸ ਵਿੱਚ ਵਿਦਿਆਰਥੀਆਂ ਨੇ ਗਰੀਨ ਦੀਵਾਲੀ ਮਨਾਉਣ ਲਈ ਬੱਚਿਆਂ ਵੱਲੋਂ ਤਿਆਰ ਪੋਸਟਰ ਫੜੇ ਹੋਏ ਸਨ ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦਿਆਂ ਸਕੂਲ ਦੇ ਪ੍ਰਿੰਸੀਪਲ ਭਗਵੰਤ ਕੌਰ ਔਲਖ ਨੇ ਕਿਹਾ ਕਿ ਦੀਵਾਲੀ ਮੌਕੇ ਚੱਲਣ ਵਾਲੇ ਪਟਾਕੇ ਕਈ ਪ੍ਰਕਾਰ ਦਾ ਪ੍ਰਦਰਸ਼ਨ ਕਰਦੇ ਹਨ ਜਿਵੇਂ ਕਿ ਅਵਾਜ਼ ਪ੍ਰਦੂਸ਼ਣ, ਹਵਾ ਵਿੱਚ ਜ਼ਹਿਰੀਲੇ ਧੂੰਏਂ ਦਾ ਪ੍ਰਦੂਸ਼ਣ, ਜਿਸ ਨਾਲ ਬੱਚਿਆਂ ਵਿੱਚ ਕਈ ਤਰ੍ਹਾਂ ਦੀਆਂ ਬਿਮਾਰੀਆਂ ਪੈਦਾ ਹੋਣ ਦਾ ਖ਼ਤਰਾ ਬਣਿਆ ਰਹਿੰਦਾ ਹੈ ਇਨ੍ਹਾਂ ਬਿਮਾਰੀਆਂ ਵਿਚ ਅਸਥਮਾ, ਅਲਰਜਿਕ ਬਰੋਂਕਾਈਟਸ, ਅਲਰਜਿਕ ਰਿਨਾਈਟਸ, ਅਲਰਜਿਕ ਫੈਰਿਨਜਾਈਟਸ ਆਦਿ ਹਨ ਇਸ ਕਰਕੇ ਹਰੇਕ ਵਿਅਕਤੀ ਨੂੰ ਗਰੀਨ ਦਿਵਾਲੀ ਮਨਾਉਣੀ ਚਾਹੀਦੀ ਹੈ ਇਹ ਪਟਾਕਿਆਂ ਨਾਲ ਅੱਖਾਂ ਦੀ ਰੌਸ਼ਨੀ ਵੀ ਜਾ ਸਕਦੀ ਹੈ ਅਤੇ ਕੰਨਾਂ ਦੇ ਦੇ ਜ਼ੋਰਦਾਰ ਪਟਾਕਿਆਂ ਨਾਲ ਕੰਨਾਂ ਦੇ ਪਰਦੇ ਪਾੜ ਸਕਦੇ ਹਨ। ਉਨ੍ਹਾਂ ਨੇ ਦੇਸ਼ ਵਿਚ ਵਧ ਰਹੇ ਪ੍ਰਦੂਸ਼ਣ ਨੂੰ ਰੋਕਣ ਲਈ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ ਤਾਂ ਜੋ ਪ੍ਰਦੂਸ਼ਣ ਕਾਰਨ ਹੋ ਰਹੇ ਨੁਕਸਾਨ ਨੂੰ ਰੋਕਿਆ ਜਾ ਸਕੇ , ਇਸ ਮੌਕੇ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤਾਂ ਤੋਂ ਆਪਣੇ ਭਾਸ਼ਣ ਮੁਕਾਬਲਿਆਂ ਦੌਰਾਨ ਗਰੀਨ ਦੀਵਾਲੀ ਮਨਾਉਣ ਦਾ ਸੁਨੇਹਾ ਦਿੱਤਾ ਗਿਆ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸ਼ਰਨਜੀਤ ਕੌਰ, ਕੁਲਦੀਪ ਸਿੰਘ, ਨੀਲਮ ਕੌਰ, ਬੇਅੰਤ ਕੌਰ, ਕੁਲਜਿੰਦਰ ਕੌਰ, ਬਲਜੀਤ ਕੌਰ, ਮਨਜੀਤ ਕੌਰ, ਰਮਨਦੀਪ ਕੌਰ, ਸੰਦੀਪ ਕੌਰ, ਅਮਨਦੀਪ ਕੌਰ, ਮਨਪ੍ਰੀਤ ਕੌਰ, ਕੁਲਬੀਰ ਕੌਰ ਤੋਂ ਇਲਾਵਾ ਪ੍ਰਬੰਧਕੀ ਕਮੇਟੀ ਦੇ ਸਮੂਹ ਮੈਂਬਰ ਹਾਜ਼ਰ ਸਨ।


ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼ CHANNEL

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ

ਮੋ; 99885-37575



Editor,Owner and Publisher Sarbjot Singh Sandha on behalf of Fateh Times online news and media company Regd:PB22000167,Published from Fateh Times H/O Mankdeka Road , Fatehabad,(Tarntaran) 143407

ਅਦਾਲਤੀ ਸ਼ਿਕਾਇਤਾਂ ਅਤੇ ਝਗੜਿਆਂ ਦਾ ਨਿਪਟਾਰਾ ਕੇਵਲ ਲੋਕਲ ਸਬ ਡਵੀਜਨ ਖਡੂਰ ਸਾਹਿਬ ਵਿਖੇ ਹੀ ਹੋਵੇਗਾ।

# ਸੰਸਦ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਜੱਟਾਂ ਪਿੰਡ ਵਿੱਚ 150 ਏਕੜ ਹੜ੍ਹ ਪ੍ਰਭਾਵਿਤ ਖੇਤਾਂ ਲਈ ਡੀ-ਵਾਟਰਿੰਗ ਸੁਵਿਧਾ ਦਾ ਕੀਤਾ ਉਦਘਾਟਨ

ਫਤਿਹ ਟਾਈਮਜ਼



ਅੰਮ੍ਰਿਤਸਰ, 18 ਅਕਤੂਬਰ (ਹਰਪਾਲ ਸਿੰਘ) ਪਦਮਸ਼੍ਰੀ ਡਾ. ਵਿਕਰਮਜੀਤ ਸਿੰਘ ਸਾਹਨੀ, ਰਾਜਯਸਭਾ ਸੰਸਦ ਮੈਂਬਰ ਨੇ ਸ਼ਨੀਵਾਰ ਨੂੰ ਬਲਾਕ ਰਮਦਾਸ ਦੇ ਜੱਟਾਂ ਪਿੰਡ ਵਿੱਚ ਇੱਕ ਡੀ-ਵਾਟਰਿੰਗ (ਜਲ ਨਿਕਾਸ) ਸੁਵਿਧਾ ਦਾ ਉਦਘਾਟਨ ਕੀਤਾ। ਇਹ ਸੁਵਿਧਾ ਹਾਲ ਹੀ ਵਿੱਚ ਆਈ ਹੜ੍ਹ ਨਾਲ ਪ੍ਰਭਾਵਿਤ ਕਰੀਬ 150 ਏਕੜ ਖੇਤੀਬਾੜੀ ਜ਼ਮੀਨ ਵਿੱਚ ਰੁਕੀ ਹੋਈ ਪਾਣੀ ਨੂੰ ਨਿਕਾਲਣ ਲਈ ਸ਼ੁਰੂ ਕੀਤੀ ਗਈ ਹੈ ਇਸ ਨਵੀਂ ਸੁਵਿਧਾ ਵਿੱਚ ਕਰੀਬ ਚਾਰ ਕਿਲੋਮੀਟਰ ਲੰਬਾ ਪਾਈਪਲਾਈਨ ਨੈੱਟਵਰਕ ਸ਼ਾਮਿਲ ਹੈ, ਜੋ ਖੇਤਾਂ ਵਿੱਚ ਜਮਿਆ ਪਾਣੀ ਬਾਹਰ ਕੱਢਣ ਵਿੱਚ ਸਮਰੱਥ ਹੈ। ਇਸ ਨਾਲ ਕਿਸਾਨਾਂ ਨੂੰ ਫਿਰ ਤੋਂ ਖੇਤੀ ਸ਼ੁਰੂ ਕਰਨ ਵਿੱਚ ਮਦਦ ਮਿਲੇਗੀ ਅਤੇ ਮਿੱਟੀ ਦੀ ਉਪਜਾਊ ਸ਼ਕਤੀ ਬਰਕਰਾਰ ਰਹੇਗੀ। ਇਹ ਪਹਲ ਸਨ ਫਾਉਂਡੇਸ਼ਨ ਵੱਲੋਂ ਕੀਤੀ ਗਈ ਹੈ ਅਤੇ ਇਸ ਨਾਲ ਕਈ ਪਰਿਵਾਰਾਂ ਨੂੰ ਵੱਡੀ ਰਾਹਤ ਮਿਲਣ ਦੀ ਉਮੀਦ ਹੈ, ਜਿਨ੍ਹਾਂ ਦੀ ਆਜੀਵਿਕਾ ਲੰਮੇ ਸਮੇਂ ਤੋਂ ਜਲ-ਭਰਾਅ ਕਾਰਨ ਪ੍ਰਭਾਵਿਤ ਹੋਈ ਸੀ ਉਦਘਾਟਨ ਤੋਂ ਬਾਅਦ ਡਾ. ਸਾਹਨੀ ਨੇ ਪਿੰਡ ਦੇ ਪ੍ਰਭਾਵਿਤ ਪਰਿਵਾਰਾਂ ਨੂੰ ਰੀਹੈਬਿਲਿਟੇਸ਼ਨ ਕਿਟਸ ਵੰਡੀਆਂ, ਜਿਨ੍ਹਾਂ ਵਿੱਚ ਬਿਸਤਰ, ਗਦਦਿਆਂ, ਕਿਚਨ ਸੈਟ, ਫਰਨੀਚਰ, ਰਾਸ਼ਨ, ਫੋਗਿੰਗ ਮਸ਼ੀਨ ਆਦਿ ਸ਼ਾਮਿਲ ਸਨ। ਡਾ. ਸਾਹਨੀ ਨੇ ਕਿਹਾ ਕੀ ਇਹ ਡੀ-ਵਾਟਰਿੰਗ ਪ੍ਰੋਜੈਕਟ ਸਾਡੇ ਕਿਸਾਨਾਂ ਲਈ ਆਮ ਜੀਵਨ ਮੁੜ ਸਥਾਪਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਕੋਈ ਵੀ ਕਿਸਾਨ ਕੁਦਰਤੀ ਆਪਦਾਵਾਂ ਕਾਰਨ ਪਰੇਸ਼ਾਨ ਨਾ ਹੋਵੇ, ਇਸ ਲਈ ਸਮੇਂ ਸਿਰ ਕਾਰਵਾਈ ਲਾਜ਼ਮੀ ਹੈ।" ਉਨ੍ਹਾਂ ਇਹ ਵੀ ਯਕੀਨ ਦਿਲਾਇਆ ਕਿ ਪੰਜਾਬ ਦੇ ਹੋਰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਵੀ ਇਸ ਤਰ੍ਹਾਂ ਦੀਆਂ ਪਹਲਾਂ ਜਾਰੀ ਰੱਖੀਆਂ ਜਾਣਗੀਆਂ ਸਥਾਨਕ ਨਿਵਾਸੀਆਂ ਅਤੇ ਕਿਸਾਨਾਂ ਨੇ ਡਾ. ਸਾਹਨੀ ਦਾ ਉਨ੍ਹਾਂ ਦੇ ਸਮਰਥਨ ਅਤੇ ਸਹਿਯੋਗ ਲਈ ਧੰਨਵਾਦ ਕੀਤਾ।

# ਦੀਵਾਲੀ ਦੇ ਪਵਿੱਤਰ ਤਿਉਹਾਰ 'ਤੇ ਆਓ ਪਿਆਰ ਅਤੇ ਮੁਹੱਬਤਾਂ ਦੇ ਦੀਵੇ ਬਾਲੀਏ - ਅਮਰੀਕ ਤਲਵੰਡੀ

ਫਤਿਹ ਟਾਈਮਜ਼



ਮੁੱਲਾਂਪੁਰ ਦਾਖਾ, 18 ਅਕਤੂਬਰ (ਦਵਿੰਦਰ ਸਿੰਘ ਲੰਮੇ) ਨੈਸ਼ਨਲ ਅਤੇ ਸਟੇਟ ਐਵਾਰਡੀ ਅਮਰੀਕ ਸਿੰਘ ਤਲਵੰਡੀ ਨੇ ਦੀਵਾਲੀ ਦੇ ਪਵਿੱਤਰ ਤਿਉਹਾਰ ਮੌਕੇ ਸਮੂਹ ਦੇਸ਼ ਵਾਸੀਆਂ ਨੂੰ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦੀ ਅਪੀਲ ਕਰਦਿਆਂ ਕਿਹਾ ਹੈ ਕਿ ਉਹ ਇਸ ਮੌਕੇ ਪਿਆਰ ਅਤੇ ਮੁਹੱਬਤਾਂ ਦੇ ਦੀਵੇ ਬਾਲ਼ ਕੇ ਭਾਈਚਾਰਕ ਸਾਂਝ ਦੀ ਮਿਸਾਲ ਦੀ ਰੋਸ਼ਨੀ ਦੇ ਦੀਵੇ ਬਾਲਣ। ਉਹਨਾਂ ਕਿਹਾ ਕਿ ਇਸ ਪਵਿੱਤਰ ਤਿਉਹਾਰ ਦੀ ਪਵਿੱਤਰਤਾ ਨੂੰ ਬਣਾਈ ਰੱਖਣ ਲਈ ਪਟਾਕੇ ਅਤੇ ਆਤਿਸ਼ਬਾਜੀਆਂ ਚਲਾ ਕੇ ਇਸ ਨੂੰ ਦੂਸ਼ਿਤ ਕਰਨ ਤੋਂ ਗ਼ੁਰੇਜ਼ ਕਰਨ । ਪੰਜਾਬ ਦੇ ਸ਼੍ਰੋਮਣੀ ਸਾਹਿਤਕਾਰ ਅਤੇ ਨੈਸ਼ਨਲ ਐਵਾਰਡੀ ਅਧਿਆਪਕ ਅਮਰੀਕ ਸਿੰਘ ਤਲਵੰਡੀ ਨੇ ਸਥਾਨਕ ਪੱਤਰਕਾਰਾਂ ਨਾਲ ਵਿਚਾਰ ਸਾਂਝੇ ਕਰਦਿਆਂ ਆਖਿਆ ਹੈ ਕਿ ਸਭ ਨੂੰ ਪਤਾ ਹੈ ਕਿ ਆਪਣੇ ਦੇਸ਼ ਵਿੱਚ ਪਹਿਲਾਂ ਹੀ ਪ੍ਰਦੂਸ਼ਣ ਬਹੁਤ ਹੈ ਪਿਛਲੇ ਦਿਨੀਂ ਲੁਧਿਆਣਾ ਸ਼ਹਿਰ ਸਭ ਤੋਂ ਗੰਦਾ ਸ਼ਹਿਰ ਹੋਣ ਬਾਰੇ ਵੀ ਆਪਾਂ ਸਾਰਿਆਂ ਨੇ ਅਖਬਾਰਾਂ ਵਿੱਚ ਪੜ੍ਹਿਆ ਹੈ। ਇਸ ਪ੍ਰਦੂਸ਼ਣ ਦੀ ਬਦੌਲਤ ਹੀ ਹਸਪਤਾਲ ਮਰੀਜ਼ਾਂ ਨਾਲ ਭਰੇ ਪਏ ਹਨ ਉਸ ਤੋਂ ਵੱਧ ਮਰੀਜ਼ ਘਰਾਂ ਵਿੱਚ ਹਨ । ਉਂਝ ਤਾਂ ਅਸੀਂ ਹਰ ਰੋਜ਼ ਪਵਿੱਤਰ ਬਾਣੀ ਪੜ੍ਹਦੇ ਵੀ ਹਾਂ ਅਤੇ ਸੁਣਦੇ ਵੀ ਹਾਂ ਪਰ ਅਮਲ ਨਹੀਂ ਕਰਦੇ ਸਾਡੇ ਗੁਰੂਆਂ ਨੇ ਸਦੀਆਂ ਪਹਿਲਾਂ ਸਾਨੂੰ ਸਮਝਾਉਣਾ ਕੀਤਾ ਸੀ ਕਿ 'ਪਵਨ ਗੁਰੂ ਪਾਣੀ ਪਿਤਾ ਮਾਤਾ ਧਰਤੁ ਮਹਤ' ਪਰ ਅਫਸੋਸ ਦੀ ਗੱਲ ਹੈ ਅਸੀਂ ਗੁਰੂਆਂ ਵੱਲੋਂ ਸਾਨੂੰ ਦਿੱਤੀ ਗਈ ਭਾਵਪੂਰਤ ਸਿੱਖਿਆ 'ਤੇ ਅਮਲ ਨਹੀਂ ਕੀਤਾ ਜਿਸ ਦਾ ਖਮਿਆਜ਼ਾ ਅਸੀਂ ਸਾਰੇ ਭੋਗ ਰਹੇ ਹਾਂ। ਜਿਸ ਦਾ ਕਾਰਨ ਮੇਰੇ ਦੇਸ਼ ਦੇ ਲੋਕਾਂ ਦੀ ਔਸਤ ਉਮਰ ਬਾਕੀ ਬਹੁਤ ਸਾਰੇ ਦੇਸ਼ਾਂ ਦੇ ਮੁਕਾਬਲੇ ਬਹੁਤ ਹੀ ਘੱਟ ਹੈ। ਪਟਾਕੇ ਅਤੇ ਆਤਸ਼ਬਾਜ਼ੀਆਂ ਇਕੱਲਾ ਪ੍ਰਦੂਸ਼ਣ ਹੀ ਨਹੀਂ ਫੈਲਾਉਂਦੇ ਬਲਕਿ ਕਈ ਥਾਈ ਅੱਗਾਂ ਵੀ ਲੱਗਦੀਆਂ ਹਨ ਜਿੱਥੇ ਲੱਖਾਂ ਰੁਪਈਆਂ ਦਾ ਨੁਕਸਾਨ ਹੁੰਦਾ ਹੈ ਬਹੁਤ ਸਾਰੇ ਲੋਕਾਂ ਦੇ ਅੰਗ ਪੈਰ ਵੀ ਸੜਦੇ ਹਨ। ਉਹਨਾਂ ਕਿਹਾ ਕਿ ਸਾਦੇ ਢੰਗ ਨਾਲ ਸਰੋਂ ਦੇ ਤੇਲ ਵਾਲੇ ਮਿੱਟੀ ਦੇ ਦੀਵੇ ਜਗਾਕੇ ਘਰੀਂ ਖੀਰ ਪੂੜੇ ਬਣਾ ਕੇ ਵੀ ਮਨਾਈ ਜਾ ਸਕਦੀ ਹੈ । ਤਲਵੰਡੀ ਨੇ ਕਿਹਾ ਕਿ ਇਹਨਾਂ ਤਿਉਹਾਰਾਂ ਦਾ ਇਤਿਹਾਸ ਜਾਣ ਕੇ ਸਿੱਖਿਆ ਲੈਣ ਦੀ ਲੋੜ ਹੈ।

## ਜਰੂਰੀ ਸੂਚਨਾ

ਲੇਖ ਅਤੇ ਕਵਿਤਾਵਾਂ ਵਿਚਲੇ ਵਿਚਾਰ ਲੇਖਕ ਜਾਂ ਕਵੀ ਦੇ ਨਿੱਜੀ ਵਿਚਾਰ ਹਨ ਜਿਸ ਨਾਲ ਅਦਾਰਾ ਫਤਿਹ ਟਾਈਮਜ਼ ਦੇ ਸੰਪਾਦਕ ਦਾ ਸਹਿਮਤ ਹੋਣਾ ਜਰੂਰੀ ਨਹੀਂ।

# ਲੀਥੀਅਮ-ਆਇਓਨ ਬੈਟਰੀ ਦੇ ਫ਼ਾਇਦੇ ਅਤੇ ਨੁਕਸਾਨ

ਫਤਿਹ ਟਾਈਮਜ਼




(ਲੜੀਵਾਰ ਲੇਖ ਕਿਸ਼ਤ 2) ਹੋ ਜਾਂਦਾ ਹੈ।

5. ਵਾਤਾਵਰਨ ਸੰਗਰਹਿਤ ਵਿਕਲਪ: ਜਦੋਂ ਕਿ ਲੀਥੀਅਮ ਦੀ ਖਾਨ-ਖੋਜ ਦੇ ਵਾਤਾਵਰਨ 'ਤੇ ਅਸਰ ਹੁੰਦਾ ਹੈ, ਬਹੁਤ ਸਾਰੇ ਨਿਰਮਾਤਾ ਰਿਸਾਇਕਲਿੰਗ ਪ੍ਰੋਗ੍ਰਾਮਾਂ ਅਤੇ ਸਥਾਈ ਸਰੋਤ ਦੇ ਤਰੀਕੇ ਦੀ ਖੋਜ ਕਰ ਰਹੇ ਹਨ ਤਾਂ ਜੋ ਇਨ੍ਹਾਂ ਅਸਰਾਂ ਨੂੰ ਘੱਟ ਕੀਤਾ ਜਾ ਸਕੇ। ਜਿਵੇਂ ਜਿਵੇਂ ਤਕਨੀਕ ਵਿੱਚ ਪ੍ਰਗਤੀ ਹੁੰਦੀ ਹੈ, ਲੀਥੀਅਮ-ਆਇਓਨ ਸ਼੍ਰੇਣੀ ਵਿੱਚ ਹਰੇ ਵਿਕਲਪ ਵਿਕਸਤ ਕੀਤੇ ਜਾ ਰਹੇ ਹਨ।

### ਲੀਥੀਅਮ-ਆਇਓਨ ਬੈਟਰੀਆਂ ਦੇ ਨੁਕਸਾਨ

1. ਸੁਰੱਖਿਆ ਸੰਬੰਧੀ ਚਿੰਤਾਵਾਂ: ਲੀਥੀਅਮ-ਆਇਓਨ ਬੈਟਰੀਆਂ ਦਾ ਇੱਕ ਸਭ ਤੋਂ ਪ੍ਰਮੁੱਖ ਨੁਕਸਾਨ ਇਹ ਹੈ ਕਿ ਇਹਨਾਂ ਨਾਲ ਸੁਰੱਖਿਆ ਦੇ ਖਤਰੇ ਹੋ ਸਕਦੇ ਹਨ। ਖਰਾਬ ਨਿਰਮਾਣ ਪ੍ਰਕਿਰਿਆਵਾਂ ਜਾਂ ਭੌਤਿਕ ਨੁਕਸਾਨ ਅੱਧਿਕਾਰੀ ਬਣਾਉਂਦੇ ਹਨ, ਜੋ ਅਤੀਤ ਵਿੱਚ ਗਰਮੀ, ਅੱਗ ਜਾਂ ਇੱਥੋਂ ਤੱਕ ਧਮਾਕਿਆਂ ਦਾ ਕਾਰਨ ਬਣ ਸਕਦੇ ਹਨ। ਨਿਰਮਾਤਾਵਾਂ ਨੂੰ ਇਨ੍ਹਾਂ ਖਤਰਿਆਂ ਨੂੰ ਘੱਟ ਕਰਨ ਲਈ ਕਠੋਰ ਸੁਰੱਖਿਆ ਮਿਆਰਾਂ ਦੀ ਪਾਲਣਾ ਕਰਨੀ ਚਾਹੀਦੀ ਹੈ।

2. ਲਾਗਤ: ਹਾਲਾਂਕਿ ਕੀਮਤਾਂ ਵਿਚ ਕੁਝ ਘੱਟ ਹੋਇਆ ਹੈ, ਪਰ ਲੀਥੀਅਮ-ਆਇਓਨ ਬੈਟਰੀਆਂ ਫਿਰ ਵੀ ਹੋਰ ਬੈਟਰੀ ਕਿਸਮਾਂ ਦੇ ਮੁਕਾਬਲੇ ਵਿੱਚ ਮਹਿੰਗੀਆਂ ਹੋ ਸਕਦੀਆਂ ਹਨ। ਇਹ ਲਾਗਤ ਮੋਬਾਈਲ ਡਿਵਾਈਸਾਂ ਦੀ ਕੁੱਲ ਕੀਮਤ 'ਤੇ ਪ੍ਰਭਾਵ ਪਾ ਸਕਦੀ ਹੈ, ਜਿਸ ਨਾਲ ਇਹ ਬਜਟ-ਸਚੇਤ ਉਪਭੋਗਤਾਵਾਂ ਲਈ ਘੱਟ ਪਹੁੰਚਯੋਗ ਬਣ ਜਾਂਦੀ ਹੈ।

3. ਵਾਤਾਵਰਨ 'ਤੇ ਅਸਰ: ਇਨ੍ਹਾਂ ਬੈਟਰੀਆਂ ਲਈ ਲੀਥੀਅਮ ਅਤੇ ਹੋਰ ਸਮੱਗਰੀਆਂ ਦੀ ਖਾਨ-ਖੋਜ ਵੱਡੀਆਂ ਵਾਤਾਵਰਨ ਸੰਬੰਧੀ ਚੁਣੌਤੀਆਂ ਪੈਦਾ ਕਰਦੀ ਹੈ। ਪਾਣੀ ਦੀ ਘਾਟ, ਜੀਵ ਵਿਵਿਧਤਾ ਦਾ ਨਾਸ਼ ਅਤੇ ਪ੍ਰਦੂਸ਼ਣ ਇਸ ਖਾਨ-ਖੋਜ ਨਾਲ ਜੁੜੇ ਮੁੱਖ ਚਿੰਤਾ ਦੇ ਮਾਮਲੇ ਹਨ, ਜੋ ਵਧੇਰੇ ਸਥਾਈ ਪ੍ਰਥਾਵਾਂ ਦੀ ਮੰਗ ਕਰ ਰਹੇ ਹਨ।

4. ਸਮੇਂ ਦੇ ਨਾਲ ਵਿਗੜਨਾ: ਆਪਣੇ ਲੰਮੇ ਜੀਵਨ ਦੇ ਬਾਵਜੂਦ, ਲੀਥੀਅਮ-ਆਇਓਨ ਬੈਟਰੀਆਂ ਸਮੇਂ ਦੇ ਨਾਲ ਵਿਗੜ ਜਾਂਦੀਆਂ ਹਨ ਅਤੇ ਹਰ ਚਾਰਜ ਚੱਕਰ ਨਾਲ ਸਮਰੱਥਾ ਗੁਆ (ਚਲਦਾ)



ਲੇਖਕ:
ਸੁਰਿੰਦਰਪਾਲ ਸਿੰਘ
ਸ੍ਰੀ ਅੰਮ੍ਰਿਤਸਰ ਸਾਹਿਬ।

# ਸਿੱਖ ਇਤਿਹਾਸ ਵਿੱਚ ਬੰਦੀ ਛੋੜ ਦਿਵਸ ਦੀ ਮਹੱਤਤਾ

ਫਤਿਹ ਟਾਈਮਜ਼




ਦਿਵਾਲੀ ਦਾ ਸਿੱਖ ਕੌਮ ਲਈ ਇੱਕ ਵੱਖਰਾ ਮਹੱਤਵ ਹੈ, ਕਿਉਂਕਿ ਸਿੱਖ ਕੌਮ ਇਸ ਦਿਨ ਨੂੰ ਬੰਦੀ ਛੋੜ ਦਿਵਸ ਵਜੋਂ ਮਨਾਉਣ ਦਾ ਸਬੰਧ ਛੇਵੇਂ ਪਾਤਿਸ਼ਾਹ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ 52 ਰਾਜਿਆਂ ਸਮੇਤ ਗਵਾਲੀਅਰ ਦੇ ਕਿਲ੍ਹੇ 'ਚੋਂ ਰਿਹਾਈ ਨਾਲ ਜੁੜਿਆ ਹੋਇਆ ਹੈ ਪੰਜਵੇਂ ਪਾਤਿਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਬੇਮਿਸਾਲ ਅਤੇ ਸ਼ਾਂਤਮਈ ਸ਼ਹਾਦਤ ਨੇ ਇੱਕ ਕ੍ਰਾਂਤੀਕਾਰੀ ਮੋੜ ਲਿਆਉਂਦਾ। ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੋਂ ਬਾਅਦ, ਗੁਰੂ ਹਰਗੋਬਿੰਦ ਸਾਹਿਬ ਨੇ ਸਿੱਖ ਕੌਮ ਨੂੰ ਮੁਗਲਾਂ ਦੇ ਜ਼ੁਲਮ ਨਾਲ ਨਜਿੱਠਣ ਲਈ ਹਥਿਆਰਬੰਦ ਹੋਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ 'ਮੀਰੀ' ਅਤੇ 'ਪੀਰੀ' ਨਾਂ ਦੀਆਂ ਦੋ ਕਿਰਪਾਨਾਂ ਧਾਰਨ ਕੀਤੀਆਂ। ਉਨ੍ਹਾਂ ਸਿੱਖਾਂ ਨੂੰ ਘੋੜ ਸਵਾਰੀ ਸਮੇਤ ਯੁੱਧ ਕਲਾ ਵਿੱਚ ਨਿਪੁੰਨ ਬਣਨ ਦਾ ਸੰਦੇਸ਼ ਦਿੱਤਾ। ਗੁਰੂ ਸਾਹਿਬ ਜੀ ਨੇ ਸਿੱਖ ਕੌਮ ਦੇ ਫੈਸਲਿਆਂ ਲਈ ਅੰਮ੍ਰਿਤਸਰ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਕੀਤੀ ਜਿਵੇਂ ਗੁਰੂ ਨਾਨਕ ਪਾਤਸ਼ਾਹ ਨੂੰ ਸੱਚ ਦੇ ਮਾਰਗ ਤੋਂ ਡਗਮਗਾ ਨਹੀਂ ਸਕਿਆ। ਇਸੇ ਤਰ੍ਹਾਂ ਜਹਾਂਗੀਰ ਵਲੋਂ ਕੀਤੀ ਗਈ ਗ੍ਰਿਫਤਾਰੀ ਵੀ ਗੁਰੂ ਹਰਗੋਬਿੰਦ ਸਾਹਿਬ ਦੇ ਇਰਾਦਿਆਂ ਵਿੱਚ ਕੋਈ ਤਬਦੀਲੀ ਨਹੀਂ ਲਿਆ ਸਕੀ, ਆਖਰਕਾਰ ਸੱਚ ਦੀ ਜਿੱਤ ਹੋਈ। ਜਹਾਂਗੀਰ ਨੇ ਗੁਰੂ ਸਾਹਿਬ ਦੀ ਰਿਹਾਈ ਦੇ ਹੁਕਮ ਦਿੱਤੇ, ਪਰ ਸੱਚੀ ਸਰਕਾਰ ਨੇ ਆਪਣੇ ਇਕੱਲੇ ਜੇਲ੍ਹ ਵਿੱਚੋਂ ਰਿਹਾਅ ਹੋਣ ਤੋਂ ਇਨਕਾਰ ਕਰ ਦਿੱਤਾ। ਗੁਰੂ ਸਾਹਿਬ ਨੇ ਮੁਗਲ ਸਰਕਾਰ ਅੱਗੇ ਆਪਣੀ ਰਿਹਾਈ ਦੇ ਨਾਲ-ਨਾਲ 52 ਰਾਜਿਆਂ ਦੀ ਰਿਹਾਈ ਦੀ ਸ਼ਰਤ ਰੱਖੀ। ਮੁਕਤੀ ਦੇ ਦਾਤਾ ਗੁਰੂ ਸਾਹਿਬ ਵੱਲੋਂ 52 ਰਾਜਿਆਂ ਨੂੰ ਜੇਲ੍ਹ ਤੋਂ ਆਜ਼ਾਦ ਕਰਵਾਇਆ

ਕਿਲ੍ਹੇ ਤੋਂ ਰਿਹਾਅ ਹੋਣ ਤੋਂ ਬਾਅਦ ਜਦੋਂ ਗੁਰੂ ਸਾਹਿਬ ਸ੍ਰੀ ਹਰਿਮੰਦਰ ਸਾਹਿਬ ਪਹੁੰਚੇ ਤਾਂ ਸਿੱਖ ਸੰਗਤ ਨੇ ਉਨ੍ਹਾਂ ਦੇ ਆਗਮਨ ਦਾ ਜਸ਼ਨ ਮਨਾਉਣ ਲਈ ਹਰਿਮੰਦਰ ਸਾਹਿਬ ਵਿਖੇ 'ਦੀਪਮਾਲਾ' ਅਤੇ 'ਆਤਿਸ਼ਬਾਜ਼ੀ' ਕੀਤੀ ਅਤੇ ਆਪਣੇ ਘਰਾਂ ਦੇ ਬਨੇਰਿਆਂ/ਕੰਧਾਂ 'ਤੇ ਦੀਪਮਾਲਾ ਵੀ ਜਗਾਈ। ਉਸ ਦਿਨ ਤੋਂ ਦਿਵਾਲੀ ਨਾਲ ਸਿੱਖ ਕੌਮ ਦਾ ਰਿਸ਼ਤਾ ਹੋਰ ਵੀ ਗੂੜ੍ਹਾ ਹੋ ਗਿਆ ਅਤੇ ਸਿੱਖਾਂ ਨੇ ਦਿਵਾਲੀ ਦੇ ਤਿਉਹਾਰ ਨੂੰ ਬੰਦੀ ਛੋੜ ਦਿਵਸ ਵਜੋਂ ਮਨਾਉਣਾ ਸ਼ੁਰੂ ਕਰ ਦਿੱਤਾ ਸਿੱਖਾਂ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਵਿਖੇ ਮਨਾਈ ਜਾਣ ਵਾਲੀ ਦਿਵਾਲੀ ਵਿਸ਼ਵ ਪ੍ਰਸਿੱਧ ਹੈ ਅਤੇ ਇਸ ਮੌਕੇ 'ਆਤਿਸ਼ਬਾਜ਼ੀ' ਅਤੇ 'ਦੀਪਮਾਲਾ' ਦਾ ਨਜ਼ਾਰਾ ਵਿਲੱਖਣ ਹੈ। ਹਰ ਸਾਲ ਵੱਡੀ ਗਿਣਤੀ ਵਿਚ ਸੰਗਤਾਂ ਇਸ ਅਲੌਕਿਕ ਨਜ਼ਾਰੇ ਦੇ ਦਰਸ਼ਨ ਕਰਨ ਅਤੇ ਗੁਰੂ ਸਾਹਿਬ ਨੂੰ ਸੀਸ ਝੁਕਾਉਣ ਲਈ ਹੁੰਮ-ਹੁੰਮਾ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਹੁੰਚਦੀਆਂ ਹਨ।

ਪੇਸ਼ਕਸ਼: (ਬੱਲ ਮਲਕੀਤ ਸਿੰਘ)
ਚੇਅਰਮੈਨ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ

FT ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼ CHANNEL

ਮਿਆਰੀ ਖ਼ਬਰਾਂ ਦੇਖਣ ਲਈ fatehtimes channel ਨੂੰ ਜ਼ਰੂਰ ਸਬਸਕ੍ਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ ਮੋ; 99885-37575

# ਸਵ: ਸ੍ਰ ਲਖਵਿੰਦਰ ਸਿੰਘ ਢਿੱਲੋ ਦੀ ਯਾਦ ਵਿੱਚ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ



ਅੰਮ੍ਰਿਤਸਰ, 18 ਅਕਤੂਬਰ (ਪ ਪ) ਨਿਊ ਫਲਾਵਰ ਸੀ.ਸੈ. ਸਕੂਲ ਦੇ ਚੇਅਰਮੈਨ ਹਰਪਾਲ ਸਿੰਘ ਯੂਕੇ ਦੇ ਵੱਡੇ ਭਰਾ ਸਰਦਾਰ ਲਖਵਿੰਦਰ ਸਿੰਘ ਢਿੱਲੋ ਬੀਤੇ ਦਿਨੀਂ ਹਾਰਟ ਅਟੈਕ ਆਉਣ ਨਾਲ ਸਦੀਵੀ ਵਿਛੋੜਾ ਦੇ ਗਏ ਉਹਨਾਂ ਦੀ ਯਾਦ ਵਿੱਚ ਪਰਿਵਾਰਕ ਮੈਂਬਰਾਂ ਵੱਲੋਂ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਸਭ ਰਿਸ਼ਤੇਦਾਰਾਂ ਅੰਗਾਂ ਸਾਕਾਂ ਨੇ ਰਲ ਮਿਲ ਕੇ ਗੁਰੂ ਸਾਹਿਬ ਅੱਗੇ ਅਰਦਾਸ ਕੀਤੀ ਕਿ ਗੁਰੂ ਸਾਹਿਬ ਉਹਨਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਸਥਾਨ ਬਖਸ਼ਣ ਅਤੇ ਸਮੂਹ ਢਿੱਲੋ ਪਰਿਵਾਰ ਨੂੰ ਇਸ ਸਦੀਵੀ ਵਿਛੋੜੇ ਨੂੰ ਝੱਲਣ ਦਾ ਬਲ ਬਖਸ਼ਣ । ਇਸ ਮੌਕੇ ਵੱਡੀ ਗਿਣਤੀ ਵਿੱਚ ਉਹਨਾਂ ਦੇ ਰਿਸ਼ਤੇਦਾਰ ਅੰਗ ਸਾਕ ਤੇ ਉਹਨਾਂ ਨੂੰ ਪਿਆਰ ਕਰਨ ਵਾਲੇ ਲੋਕ ਵੱਡੀ ਗਿਣਤੀ ਵਿੱਚ ਪਹੁੰਚੇ। ਗੁਰੂ ਸਾਹਿਬ ਅੱਗੇ ਅਰਦਾਸ ਬੇਨਤੀ ਉਪਰੰਤ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ। ਇਸ ਮੌਕੇ ਅਜੀਤ ਸਿੰਘ ਢਿੱਲੋ, ਰਾਜਪਾਲ ਕੌਰ ਢਿੱਲੋਂ ,ਹਰਪਾਲ ਸਿੰਘ ਯੂਕੇ ਕੁਲਵਿੰਦਰ ਕੌਰ ਪ੍ਰਿੰਸੀਪਲ, ਗੁਰਭੇਜ ਸਿੰਘ ਢਿੱਲੋਂ, ਕਸ਼ਮੀਰ ਸਿੰਘ ਰੰਧਾਵਾ ,ਰਵੀ ਇੰਦਰ ਸਿੰਘ ਢਿੱਲੋ ,ਆਜ਼ਾਦ ਵਿੰਦਰ ਸਿੰਘ ਢਿੱਲੋ, ਮਨੀ ਇੰਦਰ ਸਿੰਘ ਢਿਲੋਂ ,ਤਲਵਿੰਦਰ ਸਿੰਘ ਢਿੱਲੋ, ਨਮਨਦੀਪ ਸਿੰਘ ਢਿੱਲੋ ,ਸੁਖਮਨਪ੍ਰੀਤ ਸਿੰਘ ਰੰਧਾਵਾ ਅਰਪਨ ਸਿੰਘ ਢਿੱਲੋਂ ,ਅਰਮਾਨ ਸਿੰਘ ਢਿੱਲੋ ,ਰਵੀ ਸ਼ਰਮਾ ਪ੍ਰਧਾਨ ਰਾਸ ਯੂਕੇ ,ਜੇਜੇ ਕਠਾਣੀਆਂ, ਆਮ ਆਦਮੀ ਪਾਰਟੀ ਹਲਕਾ ਦੱਖਣੀ ਦੇ ਵਿਧਾਇਕ ਡਾਕਟਰ ਨਿੱਜਰ ਦੇ ਓਐਸਡੀ ਮਨਪ੍ਰੀਤ ਸਿੰਘ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਜਨਰਲ ਸੈਕਟਰੀ ਮੁਖਵਿੰਦਰ ਸਿੰਘ ਵਿਰਦੀ, ਸੀਨੀਅਰ ਆਗੂ ਹਰਪ੍ਰੀਤ ਸਿੰਘ ਬੇਦੀ, ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਬੱਬੀ ਪਹਿਲਵਾਨ, ਆਦਿ ਰਾਜਨੀਤਿਕ ਖੇਤਰ ਦੀਆਂ ਉੱਘੀਆਂ ਹਸਤੀਆਂ ਨੇ ਢਿੱਲੋ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

# 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਦਿੱਲੀ ’ਚ ਸੈਮੀਨਾਰ ਦੌਰਾਨ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਦਾ ਮਤਾ ਪਾਸ

**ਸੈਮੀਨਾਰ ਵਿਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਜਥੇਦਾਰ ਕੁਲਦੀਪ ਸਿੰਘ ਗੜਗੱਜ, ਸ. ਸੁਖਬੀਰ ਸਿੰਘ ਬਾਦਲ ਤੇ ਸ. ਪਰਮਜੀਤ ਸਿੰਘ ਸਰਨਾ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਕੀਤੀ ਸ਼ਮੂਲੀਅਤ**



ਨਵੀਂ ਦਿੱਲੀ/ਅੰਮ੍ਰਿਤਸਰ, 18 ਅਕਤੂਬਰ (ਫ.ਟ.ਬ) ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਲੀ ਵਿਖੇ ਕਰਵਾਏ ਗਏ ਵਿਸ਼ਾਲ ਸੈਮੀਨਾਰ ਦੌਰਾਨ ਬੰਦੀ ਸਿੰਘਾਂ ਦੀ ਰਿਹਾਈ ਦੀ ਜ਼ੋਰਦਾਰ ਮੰਗ ਕਰਦਾ ਮਤਾ ਪੇਸ਼ ਕੀਤਾ ਗਿਆ, ਜਿਸ ਨੂੰ ਹਾਜ਼ਰੀਨ ਨੇ ਹੱਥ ਖੜ੍ਹੇ ਕਰਕੇ ਤੇ ਜੈਕਾਰੇ ਲਗਾ ਕੇ ਸਮਰਥਨ ਦਿੱਤਾ। ਇੰਡੀਆ ਹੈਬੀਟੈਟ ਸੈਂਟਰ ਦੇ ਸਟੇਨ ਆਡੀਟੋਰੀਅਮ ਵਿਖੇ ‘ਗੁਰੂ ਤੇਗ ਬਹਾਦਰ ਸਾਹਿਬ ਜੀ ਧਰਮ ਦੀ ਚਾਦਰ’ ਵਿਸ਼ੇ ’ਤੇ ਕਰਵਾਏ ਗਏ ਇਸ ਸੈਮੀਨਾਰ ’ਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਬਾਬਾ ਦਵਿੰਦਰ ਸਿੰਘ ਬੜੂ ਸਾਹਿਬ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਸੰਬੋਧਨ ਕੀਤਾ, ਜਦਕਿ ਪ੍ਰਸਿੱਧ ਵਿਦਵਾਨ ਡਾ. ਜਸਪਾਲ ਸਿੰਘ ਸਾਬਕਾ ਵਾਈਸ ਚਾਂਸਲਰ, ਡਾ. ਮਨਮੋਹਨ ਸਿੰਘ ਸਾਬਕਾ ਆਈਪੀਐਸ, ਸਾਬਕਾ ਸਫੀਰ ਸ. ਕੇਸੀ ਸਿੰਘ, ਪ੍ਰੋ. ਹਿਮਾਦਰੀ ਬੈਨਰਜੀ, ਡਾ. ਪਰਮਵੀਰ ਸਿੰਘ, ਪ੍ਰੋ ਰਾਜ ਕੁਮਾਰ ਹੰਸ, ਪ੍ਰੋ. ਧਰਮ ਸਿੰਘ ਅਤੇ ਡਾ. ਹਰਿੰਦਰ ਸਿੰਘ ਨੇ ਆਪਣੇ ਖੋਜ ਭਰਪੂਰ ਪਰਚੇ ਪੜ੍ਹੇ। ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਦੂਜਿਆਂ ਦੇ ਧਰਮ ਦੀ ਰੱਖਿਆ ਲਈ ਸ਼ਹਾਦਤ ਦਿੱਤੀ, ਜੋ ਦੁਨੀਆ ਦੇ ਇਤਿਹਾਸ ਵਿੱਚ ਮਿਸਾਲੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਇਸ ਕੁਰਬਾਨੀ ਸਦਕਾ ਹੀ ਭਾਰਤ ਦਾ ਸੱਭਿਆਚਾਰ ਜਿੰਦਾ ਹੈ। ਦਿੱਲੀ ਅੰਦਰ ਲਾਲ ਕਿਲ੍ਹੇ ’ਤੇ ਦੇਸ਼ ਦਾ ਝੰਡਾ ਸਿੱਖ ਗੁਰੂਆਂ ਦੀ ਕੁਰਬਾਨੀ ਕਰਕੇ ਹੈ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਦੀ ਸ਼ਹਾਦਤ ਧਰਮਾਂ ਦੀ ਅਜ਼ਾਦੀ ਤੇ ਮਨੁੱਖੀ ਹੱਕਾਂ ਦੀ ਰਖਵਾਲੀ ਲਈ ਸੀ, ਪਰ ਦੁਖਦ ਪਹਿਲੂ ਇਹ ਹੈ ਕਿ ਅੱਜ ਆਪਣੇ ਹੀ ਦੇਸ਼ ਅੰਦਰ ਸਿੱਖਾਂ ਨਾਲ ਅਨਿਆਂ ਕੀਤਾ ਜਾ ਰਿਹਾ ਹੈ। ਸਿੱਖ ਬੰਦੀਆਂ ਨੂੰ ਤਿੰਨ ਤਿੰਨ ਦਹਾਕੇ ਜੇਲ੍ਹਾਂ ਕੱਟਣ ਬਾਅਦ ਵੀ ਰਿਹਾਅ ਨਹੀਂ ਕੀਤਾ ਜਾ ਰਿਹਾ।

ਐਡਵੋਕੇਟ ਧਾਮੀ ਨੇ ਕਿਹਾ ਕਿ ਬੰਦੀ ਸਿੱਖਾਂ ਦੀ ਰਿਹਾਈ ਦੀ ਮੰਗ ਕੋਈ ਭੀਖ ਨਹੀਂ ਹੈ, ਸਗੋਂ ਇਹ ਸੰਵਿਧਾਨ ਅਨੁਸਾਰ ਹੱਕੀ ਮੰਗ ਹੈ, ਇਸ ਲਈ ਸਰਕਾਰ ਰਿਹਾਈ ਦਾ ਤੁਰੰਤ ਐਲਾਨ ਕਰੇ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਦਿੱਲੀ ਵਿਖੇ ਵਿਸ਼ੇਸ਼ ਸੈਮੀਨਾਰ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਉਸ ਵੇਲੇ ਦੀ ਮਜ਼ਲੂਮ ਧਿਰ ਦੇ ਤਿਲਕ ਤੇ ਜੰਞੂ ਦੀ ਰੱਖਿਆ ਲਈ ਆਪਣੀ ਸ਼ਹਾਦਤ ਦੇ ਕੇ ਧਾਰਮਿਕ ਅਜ਼ਾਦੀ ਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਦਾ ਵਿਲੱਖਣ ਸੰਦੇਸ਼ ਦਿੱਤਾ, ਜੋ ਸਾਰੀ ਮਨੁੱਖਤਾ ਲਈ ਪ੍ਰੇਰਣਾ ਸਰੋਤ ਹੈ। ਪਰੰਤੂ ਅੱਜ 350 ਸਾਲ ਬਾਅਦ ਜਦੋਂ ਅਸੀਂ ਇਸੇ ਦਿੱਲੀ ਦੀ ਧਰਤੀ ਜਿੱਥੇ ਗੁਰੂ ਸਾਹਿਬ ਜੀ ਨੂੰ ਸ਼ਹੀਦ ਕੀਤਾ ਗਿਆ ਸੀ ਵਿਖੇ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਯਾਦ ਕਰ ਰਹੇ ਹਾਂ, ਤਾਂ ਇਹ ਦੁਖਦਾਈ ਹੈ ਕਿ ਸਾਡੇ ਬੰਦੀ ਸਿੰਘ ਅਜੇ ਤਕ ਤਿਹਾੜ, ਪਟਿਆਲਾ ਅਤੇ ਬੁੜੈਲ ਜੇਲ੍ਹਾਂ ਵਿੱਚ ਕੈਦ ਹਨ। ਮਨੁੱਖੀ ਅਧਿਕਾਰਾਂ ਦੇ ਮੱਦੇਨਜ਼ਰ ਕੇਂਦਰ ਸਰਕਾਰ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਬੰਦੀ ਸਿੰਘਾਂ ਦੀ ਰਿਹਾਈ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਦੇਵੇ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਸਰਕਾਰਾਂ ਵੱਲੋਂ ਸਿੱਖਾਂ ਦੇ ਧਾਰਮਿਕ ਮਾਮਲਿਆਂ ਤੇ ਸੰਸਥਾਵਾਂ ਵਿੱਚ ਕੀਤੀ ਜਾ ਰਹੀ ਦਖਲਅੰਦਾਜ਼ੀ ਦੀ ਵੀ ਅਲੋਚਨਾ ਕੀਤੀ। ਉਨ੍ਹਾਂ ਆਖਿਆ ਕਿ ਗੁਰਦੁਆਰੇ ਸਿੱਖੀ ਦੇ ਪ੍ਰਚਾਰ ਕੇਂਦਰ ਹਨ ਅਤੇ ਉਨ੍ਹਾਂ ਦਾ ਪ੍ਰਬੰਧ ਸਰਕਾਰੀ ਨੁਮਾਇੰਦਿਆਂ ਕੋਲ ਨਹੀਂ, ਪੰਥਕ ਹੱਥਾਂ ਵਿੱਚ ਹੀ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਆਪਣੇ ਧਾਰਮਿਕ ਮਾਮਲਿਆਂ ਵਿੱਚ ਕਿਸੇ ਵੀ ਤਰ੍ਹਾਂ ਦਾ ਰਾਜਸੀ ਦਖ਼ਲ ਬਰਦਾਸ਼ਤ ਨਹੀਂ ਕਰੇਗੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸਿੱਖ ਕੌਮ ਦਾ ਇਤਿਹਾਸ ਬੇਮਿਸਾਲ ਕੁਰਬਾਨੀਆਂ ਨਾਲ ਭਰਿਆ ਹੋਇਆ ਹੈ, ਜਿਸ ਵਿਚ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਅਹਿਮ ਹੈ। ਉਨ੍ਹਾਂ ਕਿਹਾ ਕਿ ਜੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਨੇ ਸ਼ਹਾਦਤ ਨਾ ਦਿੱਤੀ ਹੁੰਦੀ ਤਾਂ ਦੇਸ਼ ਦੇ ਹਾਲਾਤ ਕੁਝ ਹੋਰ ਹੀ ਹੁੰਦੇ। ਸ. ਬਾਦਲ ਨੇ ਆਖਿਆ ਕਿ ਸਿੱਖ ਕੌਮ ਹਮੇਸ਼ਾ ਆਪਣੇ ਗੁਰੂ ਸਾਹਿਬਾਨ ਦੇ ਉਪਦੇਸ਼ਾਂ ਤੋਂ ਪ੍ਰੇਰਨਾ ਲੈ ਕੇ ਮਾਨਵਤਾ ਲਈ ਅੱਗੇ ਰਹਿੰਦੀ ਹੈ। ਦੇਸ਼ ਦੀ ਅਜ਼ਾਦੀ ਦੀ ਲੜਾਈ ਵਿਚ ਸਭ ਤੋਂ ਵੱਧ ਕੁਰਬਾਨੀਆਂ ਸਿੱਖਾਂ ਵੱਲੋਂ ਹੀ ਦਿੱਤੀਆਂ ਗਈਆਂ, ਜਿਸ ਦਾ ਆਧਾਰ ਗੁਰੂ ਸਾਹਿਬਾਨ ਦੇ ਆਦਰਸ਼ਾਂ ’ਤੇ ਹੀ ਟਿਕਿਆ ਹੈ। ਪਰੰਤੂ ਦੁੱਖ ਦੀ ਗੱਲ ਹੈ ਕਿ ਜਿਸ ਸਿੱਖ ਕੌਮ ਨੇ ਦੇਸ਼ ਲਈ ਕੁਰਬਾਨੀਆਂ ਦਿੱਤੀਆਂ, ਉਸ ਦੀਆਂ ਮਹਾਨ ਸੰਸਥਾਵਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਸਿੱਖ ਕੌਮ ਦੀ ਤਾਕਤ ਗੁਰਮਤਿ ਦੀ ਪ੍ਰੇਰਨਾ ਅਤੇ ਕੌਮੀ ਏਕਤਾ ਵਿੱਚ ਹੈ। ਜਦ ਤੱਕ ਸਿੱਖ ਕੌਮ ਗੁਰੂ ਸਾਹਿਬਾਨ ਦੇ ਅਸੂਲਾਂ ’ਤੇ ਡਟੀ ਰਹੇਗੀ, ਕੋਈ ਤਾਕਤ ਉਸ ਨੂੰ ਕਮਜ਼ੋਰ ਨਹੀਂ ਕਰ ਸਕਦੀ। ਉਨ੍ਹਾਂ ਗੁਰੂ ਸਾਹਿਬ ਦੀ ਸ਼ਹੀਦੀ ਸ਼ਤਾਬਦੀ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਰੱਖੇ ਸਮਾਗਮਾਂ ਵਿਚ ਸੰਗਤ ਨੂੰ ਵੱਧ ਤੋਂ ਵੱਧ ਸ਼ਮੂਲੀਅਤ ਦੀ ਅਪੀਲ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੈਂਬਰ ਸ. ਬਲਦੇਵ ਸਿੰਘ ਕਾਇਮਪੁਰ, ਸ. ਹਰਭਜਨ ਸਿੰਘ ਮਸਾਣਾ, ਬਾਬਾ ਗੁਰਮੀਤ ਸਿੰਘ ਤਿਲੋਕੇਵਾਲਾ, ਸ. ਗੁਰਮਿੰਦਰ ਸਿੰਘ ਮਠਾਰੂ, ਸ. ਹਰਮਨਜੀਤ ਸਿੰਘ, ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਹਰਭਜਨ ਸਿੰਘ ਵਕਤਾ ਆਦਿ ਹਾਜ਼ਰ ਸਨ।


ਖੁਸ਼ੀਆਂ ਸਾਂਝੀਆਂ ਕਰੋ

ਜਨਮ ਦਿਨ ਮੁਬਾਰਕ,
ਵਿਆਹ ਦੀ ਵਰੇਗੰਡ ਲਗਵਾਉਣ
ਲਈ ਇਸ ਈਮੇਲ ਤੇ ਭੇਜੋ
fatehtimes1699@gmail.com


# ਐਸ.ਡੀ.ਓ ਅਤੇ ਜੇਈ ਅੱਡਾ ਦਾਖਾ ਨੂੰ ਅਗਵਾ ਕਰਕੇ ਫਿਰੌਤੀ ਵਸੂਲਣ ਵਾਲੇ ਦੋ ਕਾਬੂ ਦੋ ਫ਼ਰਾਰ, ਦੋ ਗੱਡੀਆਂ ਬਰਾਮਦ

**ਦਾਖਾ ਪੁਲਿਸ ਦੀ ਨਕਲੀ ਵਿਜੀਲੈਂਸ ਵਾਲਿਆਂ ਖ਼ਿਲਾਫ਼ ਵੱਡੀ ਸਫਲਤਾ**



ਮੁੱਲਾਂਪੁਰ ਦਾਖਾ, 18 ਅਕਤੂਬਰ (ਦਵਿੰਦਰ ਸਿੰਘ ਲੰਮੇ) ਪੀ.ਐਸ.ਪੀ.ਸੀ.ਐਲ ਉਪ ਮੰਡਲ ਸ਼ਹਿਰੀ ਅੱਡਾ ਦਾਖਾ ਦੇ ਐਸ.ਡੀ.ਓ ਜਸਕਿਰਨਪ੍ਰੀਤ ਸਿੰਘ ਅਤੇ ਜੇ.ਈ ਪਰਮਿੰਦਰ ਸਿੰਘ ਨੂੰ ਉਨ੍ਹਾਂ ਦੇ ਦਫਤਰ ਵਿੱਚ ਹੀ ਬੰਦੀ ਬਣਾਉਣ ਤੋਂ ਬਾਅਦ ਅਗਵਾ ਕਰਕੇ 7,20,000/-ਰੁਪਏ ਦੀ ਫਿਰੋਤੀ ਲੈਕੇ ਫਰਾਰ ਹੋਣ ਵਾਲੇ ਚਾਰ ਦੋਸ਼ੀਆਂ ਵਿਚੋਂ ਦੋ ਦੋਸ਼ੀਆਂ ਨੂੰ ਥਾਣਾ ਦਾਖਾ ਦੀ ਪੁਲਿਸ ਪਾਰਟੀ ਨੇ ਮੁਕੱਦਮਾ ਦਰਜ ਹੋਣ ਤੋਂ ਬਾਅਦ ਦੋ ਦਿਨਾਂ ਵਿੱਚ ਹੀ ਗ੍ਰਿਫਤਾਰ ਕਰਨ ਵਿੱਚ ਵੱਡੀ ਸਫਲਤਾ ਪ੍ਰਾਪਤ ਕੀਤੀ ਹੈ। ਇਸ ਸਬੰਧੀ ਡੀ.ਐਸ.ਪੀ ਵਰਿੰਦਰ ਸਿੰਘ ਖੋਸਾ ਨੇ ਬੁਲਾਈ ਗਈ ਪ੍ਰੈੱਸ ਕਾਨਫਰੰਸ ਦੌਰਾਨ ਇੰਸਪੈਕਟਰ ਹਮਰਾਜ ਸਿੰਘ ਦੀ ਹਾਜ਼ਰੀ 'ਚ ਦੱਸਿਆ ਕਿ 15 ਅਕਤੂਬਰ 2025 ਨੂੰ ਐਸ.ਡੀ.ਓ ਜਸਕਿਰਨਪ੍ਰੀਤ ਸਿੰਘ ਨੇ ਦਾਖਾ ਪੁਲਿਸ ਨੂੰ ਇਤਲਾਹ ਦਿੱਤੀ ਕਿ 13 ਅਕਤੂਬਰ 2025 ਨੂੰ ਦੁਪਿਹਰ ਇੱਕ ਵਜੇ ਦੇ ਕਰੀਬ ਆਪਣੇ ਆਪ ਨੂੰ ਰਾਜਵੀਰ ਦੱਸ ਰਹੇ ਇੱਕ ਵਿਅਕਤੀ ਨੇ ਨਵੇਂ ਕੁਨੈਕਸ਼ਨ ਸਬੰਧੀ ਜਾਣਕਾਰੀ ਮੰਗੀ ਅਤੇ ਕੁਝ ਸਮੇਂ ਬਾਅਦ ਹੀ ਉਨ੍ਹਾਂ ਦੇ ਮੋਬਾਇਲ ਤੇ ਐਕਸੀਅਨ ਰਵੀ ਚੋਪੜਾ ਦਾ ਫੋਨ ਆਇਆ,ਜਿੰਨਾ ਨੇ ਇਸ ਕੁਨੈਕਸ਼ਨ ਸਬੰਧੀ ਪੁੱਛਦੇ ਹੋਏ ਦਫਤਰ ਤੋਂ ਬਾਹਰ ਆਉਣ ਲਈ ਕਿਹਾ ਅਤੇ ਜਦੋਂ ਉਹ ਐਕਸੀਅਨ ਦੇ ਕਮਰੇ ਵਿੱਚ ਗਏ ਤਾ ਉਥੇ ਐਕਸੀਅਨ ਰਵੀ ਚੋਪੜਾ ਤਾਂ ਮੌਜੂਦ ਨਹੀਂ ਸਨ ਪਰ ਕਮਰੇ ਵਿੱਚ ਦੋ ਹੋਰ ਅਣਪਛਾਤੇ ਵਿਅਕਤੀ ਬੈਠੇ ਸਨ ਅਤੇ ਉਨ੍ਹਾਂ ਦੇ ਦੋ ਹੋਰ ਸਾਥੀ ਮੌਕੇ 'ਤੇ ਆ ਗਏ,ਜਿੰਨਾ ਨੇ ਦੱਸਿਆ ਕਿ ਉਹ ਵਿਜੀਲੈਂਸ ਅਤੇ ਐਸ.ਟੀ.ਐਫ ਤੋਂ ਹਨ ਅਤੇ ਵਿਜੈਲੈਂਸ ਦੀ ਰੇਡ ਮਾਰਨ ਦੀ ਗੱਲ ਕਹੀ ਅਤੇ ਕਹਿਣ ਲੱਗੇ ਕਿ ਤੁਸੀਂ ਬਿਜਲੀ ਕੁਨੈਕਸ਼ਨ ਦੇਣ ਬਦਲੇ ਦੋ ਲੱਖ ਰੁਪਏ ਦੀ ਮੰਗ ਕੀਤੀ ਹੈ,ਮੈਂ ਇਸ ਸਬੰਧੀ ਫੋਨ ਕਰਕੇ ਜੇ,ਈ ਪਰਮਿੰਦਰ ਸਿੰਘ ਨੂੰ ਵੀ ਮੌਕੇ 'ਤੇ ਬੁਲਾ ਲਿਆ ਅਤੇ ਫਿਰ ਉਕਤ ਵਿਅਕਤੀਆਂ ਵਿਚੋਂ ਇਕ ਨੇ ਆਪਣਾ ਨਾਮ ਇੰਸਪੈਕਟਰ ਗਗਨ ਅਤੇ ਦੂਸਰੇ ਨੇ ਰਾਜਵੀਰ ਦੱਸਿਆ ਅਤੇ ਮੈਨੂੰ ਅਤੇ ਜੇ.ਈ ਪਰਮਿੰਦਰ ਸਿੰਘ ਨੂੰ ਕਮਰੇ ਦੀ ਕੁੰਡੀ ਲਗਾਕੇ ਬੰਦੀ ਬਣਾ ਲਿਆ ਅਤੇ ਰੌਲਾ ਪਾਉਣ ਤੇ ਗੋਲੀ ਮਾਰਨ ਦੀ ਧਮਕੀ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਕੋਲ ਹਥਿਆਰ ਹਨ । ਉਕਤ ਵਿਅਕਤੀ ਡਰਾ ਧਮਕਾ ਕੇ ਦੋਵਾਂ ਨੂੰ ਬੰਦੀ ਬਣਾਕੇ ਲੁਧਿਆਣੇ ਲੈ ਗਏ ਜਿੱਥੇ ਉਨ੍ਹਾਂ ਸਾਡੇ ਤੋਂ ਵੀਹ ਲੱਖ ਰੁਪਏ ਫਿਰੌਤੀ ਮੰਗੀ ਅਤੇ ਫਿਰ ਸਾਡੇ ਜਾਣਕਾਰ ਵਿਅਕਤੀਆਂ ਨਾਲ ਸੰਪਰਕ ਕਰਵਾਕੇ ਮੇਰੇ ਤੋਂ 7,20,000/-ਰੁਪਏ ਲਏ ਅਤੇ ਉਹ ਪਾਮ ਕੋਰਟ ਹੋਟਲ ਨੇੜੇ ਗੱਡੀ ਵਿੱਚ ਬੈਠ ਕੇ ਫਰਾਰ ਹੋ ਗਏ। ਡੀ ਐਸ.ਪੀ ਵਰਿੰਦਰ ਸਿੰਘ ਖੋਸਾ ਨੇ ਦੱਸਿਆ ਕਿ ਘਟਨਾ ਦੀ ਜਾਣਕਾਰੀ ਮਿਲਣ ਤੋਂ ਬਾਅਦ ਉਨ੍ਹਾਂ ਨੇ ਖੁਦ ਅਤੇ ਐਸ.ਐਚ.ਓ ਹਮਰਾਜ ਸਿੰਘ ਦੀ ਟੀਮ ਤਿਆਰ ਕਰਕੇ ਦੋਸ਼ੀਆਂ ਨੂੰ ਕਾਬੂ ਕਰਨ ਲਈ ਆਪਣਾ ਜਾਲ ਵਿਛਾਇਆ ਅਤੇ 17ਅਕਤੂਬਰ 2025 ਨੂੰ ਅਮਨਦੀਪ ਸਿੰਘ ਉਰਫ ਰਾਜਵੀਰ ਉਰਫ ਅਮਨ ਰਾਜਪੂਤ ਪੁੱਤਰ ਦਲੇਰ ਸਿੰਘ ਵਾਸੀ ਫਲੈਟ ਨੰਬਰ 01 ਰਣਜੀਤ ਨਗਰ ਪਟਿਆਲਾ ਅਤੇ ਗੁਰਵਿੰਦਰ ਸਿੰਘ ਉਰਫ ਇੰਸਪੈਕਟਰ ਗਗਨ ਉਰਫ ਗੁਰਿੰਦਰ ਗਿੱਲ ਪੁੱਤਰ ਸਿਕੰਦਰ ਸਿੰਘ ਵਾਸੀ ਝਿੱਲ ਥਾਣਾ ਤ੍ਰਿਪੜੀ ਜ਼ਿਲ੍ਹਾ ਪਟਿਆਲਾ ਨੂੰ ਗ੍ਰਿਫਤਾਰ ਕਰ ਲਿਆ ਅਤੇ ਦੋਵਾਂ ਕੋਲੋਂ ਦੋ ਇਨੋਵਾ ਗੱਡੀਆ, ਦੋ ਮੋਬਾਇਲ ਫੋਨ ਅਤੇ ਦੋ ਮੀਡੀਆ ਕਾਰਡ ਬਰਾਮਦ ਕੀਤੇ ਗਏ ਹਨ ਅਤੇ ਇੰਨ੍ਹਾਂ ਦੇ ਦੋ ਫਰਾਰ ਸਾਥੀਆਂ ਵਿਨੈ ਅਰੋੜਾ ਪੁੱਤਰ ਸੁਰਿੰਦਰ ਅਰੋੜਾ ਵਾਸੀ ਕਿਲਾ ਚੌਂਕ ਪਟਿਆਲਾ ਅਤੇ ਬ੍ਰਹਮਪ੍ਰੀਤ ਸਿੰਘ ਪੁੱਤਰ ਗੁਰਿੰਦਰ ਸਿੰਘ ਵਾਸੀ ਮਕਾਨ ਨੰਬਰ 30/189 ਸਫਾਬਾਦੀ ਗੇਟ ਪਟਿਆਲਾ ਦੀ ਭਾਲ ਕੀਤੀ ਜਾ ਰਹੀ ਹੈ। ਡੀ.ਐਸ.ਪੀ ਖੋਸਾ ਨੇ ਦੱਸਿਆ ਕਿ ਤਫਤੀਸ਼ ਦੌਰਾਨ ਪਤਾ ਲੱਗਾ ਕਿ ਫਿਰੌਤੀ ਦੀ ਰਕਮ 7,20,000/-ਰੁਪਏ ਵਿਨੈ ਅਰੋੜਾ ਦੇ ਕੋਲ ਹੈ, ਜਿਹੜੀ ਇੰਨ੍ਹਾਂ ਚਾਰਾਂ ਵਿਅਕਤੀਆਂ ਆਪਸ ਵਿੱਚ ਵੰਡਣੀ ਸੀ ਪਰ ਰਕਮ ਵੰਡਣ ਤੋਂ ਪਹਿਲਾ ਹੀ ਦੋ ਦੋਸ਼ੀਆਂ ਨੂੰ ਦਾਖਾ ਪੁਲਿਸ ਨੇ ਪਟਿਆਲਾ ਤੋਂ ਗ੍ਰਿਫਤਾਰ ਕਰ ਲਿਆ ਹੈ। ਉਨ੍ਹਾਂ ਦੱਸਿਆ ਕਿ ਗ੍ਰਿਫਤਾਰ ਵਿਅਕਤੀਆਂ ਕੋਲੋਂ ਮੀਡੀਆ ਨਾਲ ਸਬੰਧਤ ਆਈ.ਕਾਰਡ ਵੀ ਬਰਾਮਦ ਕੀਤੇ ਗਏ ਹਨ ਅਤੇ ਇੰਨਾ ਖਿਲਾਫ ਪਹਿਲਾ ਵੀ ਅਪਰਾਧਿਕ ਮੁਕੱਦਮੇ ਦਰਜ ਹਨ। ਉਨ੍ਹਾਂ ਦੱਸਿਆ ਕਿ ਪੁਲਿਸ ਰਿਮਾਂਡ ਹਾਸਲ ਕਰਨ ਤੋਂ ਬਾਅਦ ਪੁੱਛਗਿੱਛ ਦੌਰਾਨ ਹੋਰ ਵੀ ਇੰਕਸਾਫ ਹੋਣ ਦੀ ਸੰਭਾਵਨਾ ਹੈ। ਇੰਸਪੈਕਟਰ ਹਮਰਾਜ ਸਿੰਘ ਨੇ ਦੱਸਿਆ ਕਿ ਫਰਾਰ ਦੋਸ਼ੀਆਂ ਦੀ ਭਾਲ ਵਿੱਚ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਜਲਦੀ ਹੀ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ।


FT ਹੱਕ ਸੱਚ ਦੀ ਆਵਾਜ਼
ਫਤਿਹ ਟਾਈਮਜ਼
CHANNEL

ਮਿਆਰੀ ਖਬਰਾਂ ਦੇਖਣ ਲਈ
fatehtimes channel
ਨੂੰ ਜਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ
ਤੇ ਖਬਰਾਂ ਅਤੇ ਇਸ਼ਤਿਹਾਰ
ਦੇਣ ਲਈ ਸੰਪਰਕ ਕਰੋ
ਮੋ; 99885-37575

ਸਫਾ 1 ਦੀ ਬਾਕੀ

## ਤਰਨ ਤਾਰਨ ਤੋਂ ਮਨਦੀਪ ਸਿੰਘ ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ, ਪੰਥਕ.....

ਫਤਿਹ ਟਾਈਮਜ਼ ਜਸਵਿੰਦਰ ਸਿੰਘ ਬਾਦਲ, ਭਾਈ ਜਰਮਨਜੀਤ ਸਿੰਘ, ਭਾਈ ਕਰਨਵੀਰ ਸਿੰਘ ਫਿਰੋਜ਼ਪੁਰ, ਭਾਈ ਅਜੇਪਾਲ ਸਿੰਘ ਢਿਲੋਂ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਰਮਨਦੀਪ ਸਿੰਘ ਮੁੰਡਾਪਿੰਡ, ਬਾਬਾ ਹਰਪ੍ਰੀਤ ਸਿੰਘ, ਐਡਵੋਕੇਟ ਕਰਨਵੀਰ ਸਿੰਘ ਪੰਨੂ, ਭਾਈ ਦਇਆ ਸਿੰਘ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਬੀਬੀ ਮਨਜੀਤ ਕੌਰ, ਭਾਈ ਅਮਰਜੀਤ ਸਿੰਘ (ਸੋਨੂੰ ਪੰਡੋਰੀ), ਭਾਈ ਰਜਿੰਦਰ ਸਿੰਘ ਤਲਵੰਡੀ, ਭਾਈ ਚਮਕੌਰ ਸਿੰਘ, ਭਾਈ ਰਣਜੀਤ ਸਿੰਘ ਝਬਾਲ, ਭਾਈ ਹਰਪ੍ਰੀਤ ਸਿੰਘ, ਭਾਈ ਅਜੈਬ ਸਿੰਘ ਗਾਲਿਬ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਅਮਰੀਕ ਸਿੰਘ ਬਿੱਟਾ, ਤੋਂ ਇਲਾਵਾ ਹੋਰ ਜਥੇਬੰਦੀਆਂ ਵਿੱਚੋਂ ਸ਼੍ਰੋਮਣੀ ਅਕਾਲੀ ਦਲ ( ਮਾਨ ) ਤੋਂ ਸ੍ਰ ਈਮਾਨ ਸਿੰਘ ਮਾਨ, ਸ੍ਰ ਹਰਪਾਲ ਸਿੰਘ ਬਲੇਰ, ਸ੍ਰ ਉਪਕਾਰ ਸਿੰਘ ਸੰਧੂ ਤੇ ਉਹਨਾਂ ਦੇ ਸਾਥੀ ਵੀ ਹਾਜ਼ਰ ਸਨ। ਇਸ ਮੌਕੇ ਹਜ਼ਾਰਾਂ ਦੀ ਗਿਣਤੀ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਵਰਕਰ ਸਾਹਿਬਾਨ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਇਕੱਤਰ ਹੋਏ, ਜਿੱਥੇ ਸਾਰੀ ਸੰਗਤ ਨੇ ਨਤਮਸਤਕ ਹੋ ਕੇ ਜ਼ਿਮਨੀ ਚੋਣ ਵਿੱਚ ਫ਼ਤਹਿ ਲਈ ਅਰਦਾਸ ਕੀਤੀ। ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਇਹ ਇਕੱਠ ਸਿਰਫ਼ ਇੱਕ ਚੋਣੀ ਕਾਫ਼ਲਾ ਨਹੀਂ ਸੀ, ਸਗੋਂ ਪੰਥਕ ਜੋਸ਼ ਦਾ ਪ੍ਰਗਟਾਵਾ ਸੀ। ਨੌਜਵਾਨਾਂ ਦੀਆਂ ਅੱਖਾਂ ਵਿੱਚ ਚੜਦੀ ਕਲਾ ਦਾ ਜ਼ਜ਼ਬਾ ਸੀ, ਬਜ਼ੁਰਗਾਂ ਦੇ ਚਿਹਰਿਆਂ 'ਤੇ ਪੰਥ ਪ੍ਰਤੀ ਸਮਰਪਣ ਦੀ ਸਾਫ਼ ਨਜਰ ਆ ਰਿਹਾ ਸੀ। ਹਰ ਪਿੰਡ ਤੋਂ ਲੋਕ ਨਿਸ਼ਾਨ ਸਾਹਿਬ ਲਹਿਰਾਉਂਦੇ ਹੋਏ ਜੁੜਦੇ ਗਏ ਅਤੇ ਇਹ ਕਾਫ਼ਲਾ ਤਰਨਤਾਰਨ ਦੀ ਧਰਤੀ 'ਤੇ ਇੱਕ ਪੰਥਕ ਲਹਿਰ ਵਾਂਗ ਵਗਦਾ ਦਿਖਾਈ ਦਿੱਤਾ। ਇਹ ਸਿਰਫ਼ ਨਾਮਜ਼ਦਗੀ ਦਾ ਦਿਨ ਨਹੀਂ ਸੀ, ਇਹ ਉਹ ਘੜੀ ਸੀ ਜਦੋਂ ਲੋਕਾਂ ਨੇ ਦੁਬਾਰਾ ਸੱਚੀ ਅਕਾਲੀ ਸਿਆਸਤ 'ਤੇ ਭਰੋਸਾ ਜਤਾਇਆ। ਗੁ: ਬੀੜ ਬਾਬਾ ਬੁੱਢਾ ਸਾਹਿਬ ਤੋਂ ਸ਼ੁਰੂ ਹੋਇਆ ਇਹ ਕਾਫ਼ਲਾ ਸੈਂਕੜਿਆਂ ਗੱਡੀਆਂ, ਮੋਟਰਸਾਈਕਲਾਂ ਤੇ ਜ਼ਜ਼ਬੇ ਨਾਲ ਭਰਪੂਰ ਨੌਜਵਾਨਾਂ ਦੇ ਨਾਹਰਿਆਂ ਨਾਲ ਗੂੰਜਦਾ ਹੋਇਆ ਪੜਾਅ-ਦਰ-ਪੜਾਅ ਤਰਨਤਾਰਨ ਐਸ.ਡੀ.ਐਮ. ਦਫ਼ਤਰ ਪਹੁੰਚਿਆ। ਰਸਤੇ ਵਿੱਚ ਇਲਾਕੇ ਦੀਆਂ ਸੰਗਤਾਂ ਵੱਲੋਂ ਵੱਡੇ ਉਤਸ਼ਾਹ ਨਾਲ ਭਾਈ ਮਨਦੀਪ ਸਿੰਘ ਅਤੇ ਬਾਪੂ ਤਰਸੇਮ ਸਿੰਘ ਜੀ ਦਾ ਹਾਰਾਂ, ਫੁੱਲਾਂ ਅਤੇ ਸਿਰੋਪਾਓ ਨਾਲ ਸਵਾਗਤ ਕੀਤਾ ਗਿਆ। ਭਾਈ ਮਨਦੀਪ ਸਿੰਘ ਨੇ ਇਸ ਮੌਕੇ ਤੇ ਕਿਹਾ ਕਿ ਉਹ ਇਹ ਚੋਣ ਕਿਸੇ ਵਿਅਕਤੀਗਤ ਲਾਭ ਲਈ ਨਹੀਂ, ਸਗੋਂ ਸਿੱਖ ਸਿਧਾਂਤਾਂ ਅਤੇ ਪੰਥਕ ਮਰਿਆਦਾਵਾਂ ਦੀ ਰੱਖਿਆ ਲਈ ਲੜ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਹੀ ਉਹ ਤਾਕਤ ਹੈ ਜੋ ਪੰਜਾਬ ਦੀ ਸੱਚੀ ਸਿਆਸਤ ਨੂੰ ਮੁੜ ਜ਼ਿੰਦਾ ਕਰੇਗੀ। ਪਾਰਟੀ ਲੀਡਰਸ਼ਿਪ ਵੱਲੋਂ ਕਿਹਾ ਗਿਆ ਕਿ ਤਰਨਤਾਰਨ ਦੀ ਇਹ ਚੋਣ ਸਿਰਫ਼ ਇੱਕ ਹਲਕਾ ਨਹੀਂ, ਸਗੋਂ ਪੰਥਕ ਆਦਰਸ਼ਾਂ 'ਤੇ ਖੜ੍ਹੀ ਜੰਗ ਦਾ ਐਲਾਨ ਹੈ, ਜਿਸ ਦਾ ਜੋੜ ਸੱਚ, ਇਨਸਾਫ ਅਤੇ ਗੁਰਮਤਿ ਨੀਤੀ ਨਾਲ ਹੈ।

ਸਫਾ 1 ਦੀ ਬਾਕੀ

## ਚੀਨੀ ਵਸਤੂਆਂ 'ਤੇ ਉਨ੍ਹਾਂ ਦਾ ਪ੍ਰਸਤਾਵਿਤ 100% ਟੈਰਿਫ ਲੰਬੇ ਸਮੇਂ ਲਈ.....

ਫਤਿਹ ਟਾਈਮਜ਼ ਸ਼ੀ ਜਿਨਪਿੰਗ ਨਾਲ ਮੁਲਾਕਾਤ ਕਰਨਗੇ, ਜਿਸ ਮੁਲਾਕਾਤ ਬਾਰੇ ਉਨ੍ਹਾਂ ਨੇ ਪਿਛਲੇ ਹਫ਼ਤੇ ਸ਼ੱਕ ਪ੍ਰਗਟ ਕੀਤਾ ਸੀ। ਉਨ੍ਹਾਂ ਨੇ ਚੀਨੀ ਨੇਤਾ ਦੀ ਪ੍ਰਸ਼ੰਸਾ ਵੀ ਕੀਤੀ।ਟਰੰਪ ਨੇ ਕਿਹਾ, "ਮੈਨੂੰ ਲੱਗਦਾ ਹੈ ਕਿ ਚੀਨ ਨਾਲ ਸਾਡੇ ਸਬੰਧ ਠੀਕ ਰਹਿਣਗੇ, ਪਰ ਸਾਨੂੰ ਇੱਕ ਨਿਰਪੱਖ ਅਤੇ ਬਰਾਬਰੀ ਵਾਲੇ ਸਮਝੌਤੇ ਦੀ ਲੋੜ ਹੈ। ਇਹ ਨਿਰਪੱਖ ਹੋਣਾ ਚਾਹੀਦਾ ਹੈ।"

ਸਫਾ 1 ਦੀ ਬਾਕੀ

## ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਵੱਲੋ ਦੋ ਲੱਖ ਰੁਪਏ ਦੀ ਰਾਸ਼ੀ....

ਫਤਿਹ ਟਾਈਮਜ਼ ਸਿੰਘ ,ਨਿਸ਼ਾਨ ਸਿੰਘ,ਬੀਰਇੰਦਰ ਸਿੰਘ ,ਗੁਰਪ੍ਰੀਤ ਸਿੰਘ ,ਨਿਰਵੈਲ ਸਿੰਘ,ਮੁੰਡਾ ਪਿੰਡ ਅਤੇ ਪਿੰਡ ਭੈਲ ਢਾਏ ਵਾਲਾ ਤੋ ਸਰਪੰਚ ਮੇਜਰ ਸਿੰਘ ਭੈਲ ,ਧੰਨਾ ਸਿੰਘ ਭੈਲ,ਬਲਰਾਜ ਸਿੰਘ ਪਵਾਰ,ਗੁਰਦੀਪ ਸਿੰਘ ,ਸਰਪੰਚ ਪ੍ਰਕਾਸ਼ ਸਿੰਘ ਖੇਲਾ,ਜਸਪਾਲ ਸਿੰਘ ਪਵਾਰ ,ਬਲਵਿੰਦਰ ਸਿੰਘ ਪਵਾਰ,ਹਰਦੀਪ ਸਿੰਘ ਪਵਾਰ,ਪੀਏ ਰਣਜੀਤ ਸਿੰਘ ਰਾਣਾ ਪਵਾਰ ਆਦਿ ਵੀ ਮੌਜੂਦ ਸਨ।

# ਰਾਹੁਲ ਗਾਂਧੀ ਪਾਸਪੋਰਟ ਦੇ ਮਾਮਲੇ 'ਚ ਖ਼ੁਦ ਸਚਾਈ ਦੱਸਣ ਲਈ ਅੱਗੇ ਆਉਣ : ਜੋਗਿੰਦਰ ਸਿੰਘ ਸਲਾਰੀਆ

ਫਤਿਹ ਟਾਈਮਜ਼



ਪਠਾਨਕੋਟ 18 ਅਕਤੂਬਰ (ਫ.ਟ.ਬ) ਪੀਸੀਟੀ ਹਿਊਮਨਟੀ ਦੇ ਬਾਨੀ ਸ. ਜੋਗਿੰਦਰ ਸਿੰਘ ਸਲਾਰੀਆ ਨੇ ਬ੍ਰਿਟਿਸ਼ ਪਾਸਪੋਰਟ ਰੱਖਣ ਦੇ ਵਿਵਾਦਾਂ ਵਿਚ ਘਿਰੇ ਵਿਰੋਧੀ ਧਿਰ ਦੇ ਨੇਤਾ ਅਤੇ ਕਾਂਗਰਸੀ ਆਗੂ ਰਾਹੁਲ ਗਾਂਧੀ ਨੂੰ ਇਸ ਮਾਮਲੇ ਵਿਚ ਆਪਣੀ ਸਥਿਤੀ ਸਪਸ਼ਟ ਕਰਨ ਲਈ ਖ਼ੁਦ ਅੱਗੇ ਆਉਣ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਕੁਝ ਸਿਆਸਤਦਾਨਾਂ ਵੱਲੋਂ ਰਾਹੁਲ ਗਾਂਧੀ ਕੋਲ ਬ੍ਰਿਟਿਸ਼ ਪਾਸਪੋਰਟ ਦੀ ਮੌਜੂਦਗੀ ਦੇ ਦਾਅਵੇ ਕੀਤੇ ਜਾ ਰਹੇ ਹਨ, ਅਜਿਹੀ ਸਥਿਤੀ ਵਿਚ ਲੋਕ ਸਚਾਈ ਜਾਣਨਾ ਚਾਹੁੰਦੇ ਹਨ। ਸ. ਸਲਾਰੀਆ ਨੇ ਕਿਹਾ ਕਿ ਭਾਰਤੀ ਨਾਗਰਿਕ ਕਾਨੂੰਨ ਦੇ ਪਾਸਪੋਰਟ ਐਕਟ, 1967 ਅਨੁਸਾਰ ਇੱਕ ਵਿਅਕਤੀ ਇੱਕੋ ਸਮੇਂ ਸਿਰਫ਼ ਇੱਕ ਭਾਰਤੀ ਪਾਸਪੋਰਟ ਰੱਖ ਸਕਦਾ ਹੈ। ਦੂਜੇ ਦੇਸ਼ ਦਾ ਪਾਸਪੋਰਟ ਰੱਖਣਾ ਭਾਰਤ ਵਿੱਚ ਗ਼ੈਰਕਨੂੰਨੀ ਹੈ। ਜੇ ਕਿਸੇ ਨੇ ਦੂਸਰੇ ਦੇਸ਼ ਦਾ ਪਾਸਪੋਰਟ ਰੱਖਦੇ ਹੋਏ ਭਾਰਤ ਵਿੱਚ ਪਾਰਲੀਮੈਂਟ ਮੈਂਬਰਸ਼ਿਪ ਲਈ ਦਾਖ਼ਲਾ ਦਿੱਤਾ, ਤਾਂ ਇਹ ਨਾਗਰਿਕਤਾ ਅਤੇ ਲੀਡਰਸ਼ਿਪ ਦੀ ਅਸਲੀਅਤ 'ਤੇ ਸਵਾਲ ਖੜ੍ਹਾ ਕਰਦਾ ਹੈ। ਭਾਰਤ ਦੇ ਕਾਨੂੰਨ ਮੁਤਾਬਕ, ਦੂਸਰੇ ਦੇਸ਼ ਦੇ ਪਾਸਪੋਰਟ ਰੱਖ ਕੇ ਪਾਰਲੀਮੈਂਟ ਵਿੱਚ ਪਹੁੰਚਣਾ ਅਸੰਵਿਧਾਨਿਕ ਹੈ, ਅਤੇ ਇਸ ਨਾਲ ਨਾਗਰਿਕਤਾ, ਚੋਣ ਅਤੇ ਲੋਕਤੰਤਰ 'ਤੇ ਸਵਾਲ ਉੱਠ ਸਕਦੇ ਹਨ। ਉਨ੍ਹਾਂ ਕਿਹਾ ਕਿ ਬਿਨਾ ਠੋਸ ਤੇ ਪੁਖ਼ਤਾ ਸਰਕਾਰੀ ਸਬੂਤਾਂ ਦੇ ਕਿਸੇ ਵੀ ਵਿਅਕਤੀ 'ਤੇ ਦੋਸ਼ ਲਗਾਉਣਾ ਵੀ ਗ਼ਲਤ ਹੋਵੇਗਾ। ਭਾਰਤ ਦੇ ਨਾਗਰਿਕਾਂ ਅਤੇ ਚੁਣੇ ਹੋਏ ਪ੍ਰਤੀਨਿਧੀਆਂ ਦੀ ਇਮਾਨਦਾਰੀ ਅਤੇ ਪਾਰਦਰਸ਼ਤਾ ਜ਼ਰੂਰੀ ਹੈ। ਜੇ ਕੋਈ ਰਾਜਨੀਤਿਕ ਆਗੂ ਕਾਨੂੰਨ ਦਾ ਉਲੰਘਣ ਕਰਦਾ ਹੈ ਤਾਂ ਇਹ ਭਾਰਤ ਦੀ ਲੋਕਤੰਤਰਿਕ ਪ੍ਰਕਿਰਿਆ ਲਈ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਕੀ ਅਸਲ ਵਿਚ ਰਾਹੁਲ ਗਾਂਧੀ ਕੋਲ ਦਾਅਵੇ ਅਨੁਸਾਰ ਤਿੰਨ ਪਾਸਪੋਰਟ ਹਨ? ਕੀ ਲੰਡਨ ਵਿੱਚ ਇੱਕ ਪਾਸਪੋਰਟ ਜਿਸ ਦਾ ਨਾਮ "ਰਾਹੁਲ ਵਿਨਸੀ" ਦੱਸਿਆ ਜਾ ਰਿਹਾ ਹੈ, ਉਨ੍ਹਾਂ ਦਾ ਹੀ ਹੈ? ਕੀ ਰਾਹੁਲ ਗਾਂਧੀ ਨੇ ਵਾਕਿਆ ਹੀ ਭਾਰਤ ਵਿੱਚ ਨਾਮ ਬਦਲ ਕੇ ਪਾਸਪੋਰਟ ਬਣਾ ਰਖਿਆ ਹੈ। ਕੀ ਉਨ੍ਹਾਂ ਦਾ ਇਟਲੀ ਵਿੱਚ ਵੀ ਕਥਿਤ ਇੱਕ ਹੋਰ ਪਾਸਪੋਰਟ ਹੈ? ਸ. ਸਲਾਰੀਆ ਨੇ ਕਿਹਾ ਕਿ ਇਨ੍ਹਾਂ ਵਿਚ ਰੱਤੀ ਜਿੰਨੀ ਵੀ ਸਚਾਈ ਹੈ ਤਾਂ ਇਹ ਸਪਸ਼ਟ ਤੌਰ ਤੇ ਕਾਨੂੰਨ ਦਾ ਉਲੰਘਣ ਹੈ। ਭਾਰਤ ਵਿੱਚ ਦੂਸਰੇ ਦੇਸ਼ ਦਾ ਪਾਸਪੋਰਟ ਰੱਖਣ ਵਾਲਾ ਵਿਅਕਤੀ ਸਿੱਧੇ ਤੌਰ 'ਤੇ ਲੋਕ ਸਭਾ ਜਾਂ ਰਾਜ ਸਭਾ ਦਾ ਮੈਂਬਰ ਨਹੀਂ ਬਣ ਸਕਦਾ। ਅਜਿਹੇ ਇਲਜ਼ਾਮ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ 'ਤੇ ਲਗਦੇ ਹਨ ਤਾਂ ਇਕ ਗੰਭੀਰ ਮਾਮਲਾ ਹੈ। ਇਹ ਭਰੋਸੇਯੋਗਤਾ ਦਾ ਘਾਣ ਹੈ ਅਤੇ ਦੇਸ਼ ਨਾਲ ਧੋਖਾ ਹੈ। ਉਨ੍ਹਾਂ ਸਿਆਸੀ ਆਗੂਆਂ ਨੂੰ ਬਿਨਾ ਕਿਸੇ ਸਬੂਤ 'ਤੇ ਕਿਸੇ ਨੂੰ ਬਦਨਾਮ ਨਾ ਕਰਨ ਦੀ ਸਲਾਹ ਦਿੱਤੀ ਅਤੇ ਕਿਹਾ ਕਿ ਜੇਕਰ ਉਹਨਾਂ ਕੋਲ ਸਬੂਤ ਹਨ ਤਾਂ ਉਹ ਲੋਕਾਂ ਦੀ ਕਚਹਿਰੀ ਵਿਚ ਰੱਖਣਾ ਚਾਹੀਦਾ ਹੈ। ਉਨ੍ਹਾਂ ਸਰਕਾਰ ਨੂੰ ਵੀ ਕਿਹਾ ਕਿ ਮਾਮਲੇ ਦੀ ਜਾਂਚ ਕੀਤੀ ਜਾਵੇ ਅਤੇ ਜੇਕਰ ਰਾਹੁਲ ਗਾਂਧੀ ਪਾਸਪੋਰਟ ਅਤੇ ਨਾਗਰਿਕਤਾ ਦੇ ਮਾਮਲੇ 'ਚ ਗ਼ਲਤ ਪਾਇਆ ਜਾਂਦਾ ਹੈ ਤਾਂ ਕਾਨੂੰਨੀ ਤੌਰ 'ਤੇ ਕਾਰਵਾਈ ਕੀਤੀ ਜਾਵੇ।

# ਸੁਖਬੀਰ ਬਾਦਲ ਦੀ ਫ਼ੇਰੀ ਨੇ ਤਰਨ ਤਾਰਨ 'ਚ ਅਕਾਲੀ ਲਹਿਰ ਨੂੰ ਦਿੱਤਾ ਵੱਡਾ ਹੁਲਾਰਾ, 'ਆਪ'-ਕਾਂਗਰਸ ਦੇ ਝੂਠੇ ਵਾਅਦਿਆਂ ਤੋਂ ਲੋਕ ਅੱਕੇ - ਬ੍ਰਹਮਪੁਰਾ

ਫਤਿਹ ਟਾਈਮਜ਼



ਤਰਨ ਤਾਰਨ18 ਅਕਤੂਬਰ (ਐਸ ਐਸ ਸੰਧਾ) ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਤਰਨ ਤਾਰਨ ਫ਼ੇਰੀ ਦੌਰਾਨ ਜ਼ਿਮਨੀ ਚੋਣ ਵਿੱਚ ਪਾਰਟੀ ਦੇ ਹੱਕ 'ਚ ਬਣੀ ਲਹਿਰ ਨੂੰ ਹੋਰ ਮਜ਼ਬੂਤੀ ਦਿੰਦਿਆਂ, ਅੱਜ ਪਾਰਟੀ ਦੇ ਮੀਤ ਪ੍ਰਧਾਨ ਅਤੇ ਹਲਕਾ ਖਡੂਰ ਸਾਹਿਬ ਦੇ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਪਿੰਡ ਪੰਡੋਰੀ ਰੁਮਾਣਾ ਵਿਖੇ ਪਾਰਟੀ ਉਮੀਦਵਾਰ ਬੀਬੀ ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿੱਚ ਵਰਕਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ। ਇਸ ਮੌਕੇ ਵਰਕਰਾਂ ਦੇ ਉਤਸ਼ਾਹ ਨੂੰ ਦੇਖਦਿਆਂ ਸ੍ਰ. ਬ੍ਰਹਮਪੁਰਾ ਨੇ ਕਿਹਾ ਕਿ ਇਹ ਮੀਟਿੰਗ ਸਾਬਤ ਕਰਦੀ ਹੈ ਕਿ ਤਰਨ ਤਾਰਨ ਦੀ ਹਵਾ ਪੂਰੀ ਤਰ੍ਹਾਂ ਅਕਾਲੀਆਂ ਦੇ ਹੱਕ ਵਿੱਚ ਬਣ ਚੁੱਕੀ ਹੈ।ਇਸ ਮੌਕੇ ਬੋਲਦਿਆਂ ਸ੍ਰ. ਬ੍ਰਹਮਪੁਰਾ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਫ਼ੇਰੀ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਤਰਨ ਤਾਰਨ ਦੇ ਲੋਕ 'ਆਪ' ਸਰਕਾਰ ਦੇ ਝੂਠੇ ਲਾਰਿਆਂ ਅਤੇ ਕਾਂਗਰਸ ਦੀ ਮੌਕਾਪ੍ਰਸਤੀ ਤੋਂ ਪੂਰੀ ਤਰ੍ਹਾਂ ਅੱਕ ਚੁੱਕੇ ਹਨ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਨੇ ਪੰਜਾਬ ਨੂੰ ਹਰ ਪੱਖੋਂ ਬਰਬਾਦ ਕੀਤਾ ਹੈ - ਭਾਵੇਂ ਉਹ ਕਾਨੂੰਨ ਵਿਵਸਥਾ ਹੋਵੇ, ਕਿਸਾਨੀ ਮੁੱਦੇ ਹੋਣ ਜਾਂ ਨੌਜਵਾਨਾਂ ਦਾ ਭਵਿੱਖ। ਉਨ੍ਹਾਂ ਕਿਹਾ ਕਿ ਹਰ ਰੋਜ਼ ਨਵੇਂ ਘਪਲੇ ਸਾਹਮਣੇ ਆ ਰਹੇ ਹਨ ਅਤੇ ਦਿੱਲੀ ਦੇ ਇਸ਼ਾਰਿਆਂ 'ਤੇ ਨੱਚਣ ਵਾਲੀ ਇਹ ਸਰਕਾਰ ਪੰਜਾਬ ਦੇ ਹਿੱਤਾਂ ਨੂੰ ਦਾਅ 'ਤੇ ਲਾ ਰਹੀ ਹੈ। ਦੂਜੇ ਪਾਸੇ ਕਾਂਗਰਸ ਦਾ ਇਤਿਹਾਸ ਪਹਿਲਾਂ ਹੀ ਪੰਜਾਬ ਦੇ ਹਿੱਤਾਂ ਨਾਲ ਧੋਖਾ ਕਰਨ ਵਾਲਾ ਰਿਹਾ ਹੈ ਅਤੇ ਲੋਕ ਇਨ੍ਹਾਂ ਦੋਵਾਂ ਪਾਰਟੀਆਂ ਨੂੰ ਸਬਕ ਸਿਖਾਉਣ ਲਈ ਤਿਆਰ ਹਨ।ਸ੍ਰ. ਬ੍ਰਹਮਪੁਰਾ ਨੇ ਕਿਹਾ ਕਿ ਲੋਕ ਅੱਜ ਵੀ ਮਰਹੂਮ ਸ੍ਰ. ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਵਾਲੀ ਅਕਾਲੀ ਸਰਕਾਰ ਦੇ ਸੁਨਹਿਰੀ ਦੌਰ ਨੂੰ ਯਾਦ ਕਰਦੇ ਹਨ ਜਦੋਂ ਪੰਜਾਬ ਨੇ ਹਰ ਖੇਤਰ ਵਿੱਚ ਤਰੱਕੀ ਕੀਤੀ ਸੀ, ਕਿਸਾਨ ਖੁਸ਼ਹਾਲ ਸਨ ਅਤੇ ਅਮਨ-ਕਾਨੂੰਨ ਦੀ ਸਥਿਤੀ ਬਿਹਤਰ ਸੀ। ਉਨ੍ਹਾਂ ਕਿਹਾ ਕਿ ਪਿੰਡ ਪੰਡੋਰੀ ਰੁਮਾਣਾ ਦੇ ਵਰਕਰਾਂ ਨੇ ਜਿਸ ਜੋਸ਼ ਨਾਲ ਬੀਬੀ ਸੁਖਵਿੰਦਰ ਕੌਰ ਰੰਧਾਵਾ ਨੂੰ ਵੱਡੀ ਲੀਡ ਨਾਲ ਜਿਤਾਉਣ ਦਾ ਭਰੋਸਾ ਦਿੱਤਾ ਹੈ, ਉਹ ਦਰਸਾਉਂਦਾ ਹੈ ਕਿ ਲੋਕ ਮੁੜ ਅਕਾਲੀ ਦਲ ਦੀ ਸਰਕਾਰ ਚਾਹੁੰਦੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ 'ਆਪ' ਅਤੇ ਕਾਂਗਰਸ ਦੇ ਧੋਖੇ ਤੋਂ ਬਚ ਕੇ, ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਸ਼੍ਰੋਮਣੀ ਅਕਾਲੀ ਦਲ ਨੂੰ ਵੋਟ ਪਾਉਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਵੈਲ ਸਿੰਘ ਪੁੱਤਰ ਦੀਦਾਰ ਸਿੰਘ, ਜਗਜੀਤ ਸਿੰਘ ਪੁੱਤਰ ਸੁਰਜਨ ਸਿੰਘ, ਸ਼ਮਸ਼ੀਰ ਸਿੰਘ ਪੁੱਤਰ ਜੈਮਲ ਸਿੰਘ, ਤਰਸੇਮ ਸਿੰਘ, ਮਨਜੀਤ ਸਿੰਘ, ਜਗਜੀਤ ਸਿੰਘ ਪੁੱਤਰ ਸਕੱਤਰ ਸਿੰਘ, ਸਰਵਣ ਸਿੰਘ ਪੁੱਤਰ ਜੋਗਿੰਦਰ ਸਿੰਘ ਅਤੇ ਧਰਮ ਸਿੰਘ ਪੁੱਤਰ ਸੁਲੱਖਣ ਸਿੰਘ ਆਦਿ ਵਰਕਰ ਹਾਜ਼ਰ ਸਨ।


ਦਰਸ਼ਨ ਬੇਕਰੀ

ਮੇਨ ਰੋਡ ਫਤਿਆਬਾਦ, (ਤਰਨ ਤਾਰਨ)

ਇਥੋਂ ਕੇਕ,ਪੇਸਟੀਆਂ,ਹਰ ਤਰਾਂ ਦੇ ਬਿਸਕੁਟ,ਸੂਜੀ ਰਸ ,ਪੈਟੀਆਂ,ਕਰੀਮ ਰੋਲ ਹਰ ਸਮੇਂ ਤਿਆਰ ਲਵੋ ।



ਕੁਲਜੀਤ ਸਿੰਘ ਲਾਡੀ

ਸੰਪਰਕ : 98721-51544, 98559-21544



ਪੱਤਰਕਾਰਾਂ ਦੀ ਲੋੜ

ਅਦਾਰਾ ਫਤਿਹ ਟਾਈਮਜ਼ ਨੂੰ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਕਸਬਿਆਂ ਤੋਂ ਪੜ੍ਹੇ ਲਿਖੇ ਰਿਪੋਰਟਰਾਂ ਦੀ ਲੋੜ ਹੈ ਚਾਹਵਾਨ ਹੇਠ ਦਿੱਤੇ ਨੰਬਰ ਤੇ ਸੰਪਰਕ ਕਰਨ ।

ਮੋ:99885-37575



FT ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼ CHANNEL

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ

ਮੋ; 99885-37575

FT

ਹੱਕ ਸੱਚ ਦੀ ਆਵਾਜ਼

# ਫਤਿਹ ਟਾਈਮਜ਼

CHANNEL

ਮਿਆਰੀ ਖਬਰਾਂ ਦੇਖਣ ਲਈ
fatehtimes channel
ਨੂੰ ਜਰੂਰ ਸਬਸਕਰਾਈਬ
ਕਰੋ।

ਫਤਿਹ ਟਾਈਮਜ਼ ਚੈਂਨਲ
ਤੇ ਖਬਰਾਂ ਅਤੇ ਇਸ਼ਤਿਹਾਰ
ਦੇਣ ਲਈ ਸੰਪਰਕ ਕਰੋ
ਮੋ; 99885-37575